SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 18 | Thursday, January 25, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਯੂਕਰੇਨੀ ਫੌਜੀਆਂ ਨੂੰ ਲਿਜਾਅ ਰਿਹਾ ਜਹਾਜ਼ ਹੋਇਆ ਕ੍ਰੈਸ਼, ਕੁਲ 74 ਮੌਤਾਂ



ਮਾਸਕੋ, 24 ਜਨਵਰੀ (ਪੋਸਟ ਬਿਊਰੋ): 65 ਜੰਗੀ ਕੈਦੀਆਂ ਨੂੰ ਲੈ ਕੇ ਜਾ ਰਿਹਾ ਰੂਸ ਦਾ ਜਹਾਜ਼ ਕ੍ਰੈਸ਼ ਹੋ ਗਿਆ ਹੈ। ਇਸ ਜਹਾਜ਼ ਨੂੰ ਅੱਗ ਲੱਗ ਗਈ। ਰਿਪੋਰਟਾਂ ਮੁਤਾਬਕ ਰੂਸ ਦੇ ਬੇਲਗੋਰੋਡ ਖੇਤਰ ਵਿੱਚ 65 ਯੂਕਰੇਨੀ ਜੰਗੀ ਕੈਦੀਆਂ ਨੂੰ ਲੈ ਕੇ ਇੱਕ ਰੂਸੀ ਫੌਜੀ ਟਰਾਂਸਪੋਰਟ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਹਾਦਸੇ ਦੀ ਵੀਡੀਓ 'ਚ ਜਹਾਜ਼ ਤੇਜ਼ੀ ਨਾਲ ਹੇਠਾਂ ਉਤਰਦਾ ਦਿਖਾਈ ਦੇ ਰਿਹਾ ਹੈ। ਆਈਐੱਲ-76 ਜਹਾਜ਼ ਪਾਇਲਟ ਦੇ ਕੰਟਰੋਲ ਤੋਂ ਬਾਹਰ ਹੋ ਗਿਆ ਅਤੇ ਇੱਕ ਰਿਹਾਇਸ਼ੀ ਖੇਤਰ ਦੇ ਨੇੜੇ ਕਰੈਸ਼ ਹੋ ਗਿਆ।ਰਸ਼ੀਅਨ ਗਵਰਨਰ ਦਾ ਕਹਿਣਾ ਹੈ ਕਿ ਯੂਕਰੇਨ ਦੇ ਨੇੜੇ ਹਾਦਸਾਗ੍ਰਸਤ ਹੋਏ ਜਹਾਜ਼ ਵਿੱਚ ਸਵਾਰ ਸਾਰੇ ਲੋਕ ਮਾਰੇ ਗਏ।

ਰੱਖਿਆ ਮੰਤਰਾਲੇ ਦੇ ਹਵਾਲੇ ਨਾਲ ਦੱਸਿਆ ਗਿਆ ਕਿ ਜਹਾਜ਼ 'ਤੇ 65 ਬੰਦੀ ਯੂਕਰੇਨੀ ਫੌਜੀ ਸਵਾਰ ਸਨ। ਇਨ੍ਹਾਂ ਨੂੰ ਅਦਲਾ-ਬਦਲੀ ਲਈ ਬੇਲਗ੍ਰੇਡ ਇਲਾਕੇ 'ਚ ਲਿਜਾਇਆ ਜਾ ਰਿਹਾ ਸੀ। ਉਸ ਦੇ ਨਾਲ ਜਹਾਜ਼ 'ਚ ਚਾਲਕ ਦਲ ਦੇ ਛੇ ਮੈਂਬਰ ਅਤੇ ਤਿੰਨ ਐਸਕਾਰਟ ਵੀ ਮੌਜੂਦ ਸਨ। ਇਸ ਜਹਾਜ਼ ਹਾਦਸੇ ਦੀ ਘਟਨਾ ਤੋਂ ਬਾਅਦ ਰੂਸੀ ਸੰਸਦ ਮੈਂਬਰ ਨੇ ਦਾਅਵਾ ਕੀਤਾ ਹੈ ਕਿ ਇਸ ਫੌਜੀ ਜਹਾਜ਼ 'ਤੇ ਤਿੰਨ ਮਿਜ਼ਾਈਲਾਂ ਨਾਲ ਹਮਲਾ ਕੀਤਾ ਗਿਆ ਅਤੇ ਉਸ ਨੂੰ ਡੇਗ ਦਿੱਤਾ ਗਿਆ। ਹਾਲਾਂਕਿ ਇਸ ਦੀ ਅਧਿਕਾਰਤ ਪੁਸ਼ਟੀ ਨਹੀਂ ਹੋਈ ਹੈ।

ਇੱਕ ਵੀਡੀਓ ਵਿੱਚ, ਇੱਕ ਰੂਸੀ ਫੌਜੀ ਟਰਾਂਸਪੋਰਟ ਜਹਾਜ਼ ਨੂੰ ਅਚਾਨਕ ਤੇਜ਼ੀ ਨਾਲ ਉਤਰਦਾ ਅਤੇ ਇੱਕ ਛੋਟੀ ਰਿਫਾਇਨਰੀ ਤੋਂ ਕੁਝ ਦੂਰੀ 'ਤੇ ਹਾਦਸਾਗ੍ਰਸਤ ਹੁੰਦਾ ਦੇਖਿਆ ਜਾ ਸਕਦਾ ਹੈ। ਇਹ ਜਹਾਜ਼ ਲੁਸ਼ੀਨ ਆਈ.ਐੱਲ.76 ਸੀ ਅਤੇ ਇਸ ਦੀ ਲੰਬਾਈ 164 ਫੁੱਟ ਸੀ। ਕਰੈਸ਼ ਹੋਣ ਤੋਂ ਬਾਅਦ ਜਹਾਜ਼ ਨੂੰ ਅੱਗ ਲੱਗ ਗਈ।

## ਕੈਨੇਡਾ ਵਿਚ ਜਹਾਜ਼ ਹੋਇਆ ਹਾਦਸੇ ਦਾ ਸ਼ਿਕਾਰ, 6 ਲੋਕਾਂ ਦੀ ਮੌਤ



ਓਟਵਾ, 24 ਜਨਵਰੀ (ਪੋਸਟ ਬਿਊਰੋ): ਕੈਨੇਡਾ ਵਿੱਚ ਇੱਕ ਜਹਾਜ਼ ਹਾਦਸੇ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਮੰਗਲਵਾਰ ਨੂੰ ਕੈਨੇਡਾ ਦੇ ਉੱਤਰ-ਪੱਛਮੀ ਖੇਤਰ ਵਿਚ ਫੋਰਟ ਸਮਿਥ ਨੇੜੇ ਇਕ ਖਾਨ ਵਿਚ ਮਜ਼ਦੂਰਾਂ ਨੂੰ ਲੈ ਕੇ ਜਾ ਰਿਹਾ ਇਕ ਛੋਟਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਵਿੱਚ 6 ਲੋਕ ਸਨ। ਇਸ ਹਾਦਸੇ ਵਿਚ ਸਾਰੇ 6 ਲੋਕਾਂ ਦੀ ਮੌਤ ਹੋ ਗਈ। ਜਹਾਜ਼ ਮਾਈਨਿੰਗ ਕੰਪਨੀ ਰੀਓ ਟਿੰਟੋ ਦੀ ਡਾਇਵਿਕ ਹੀਰੇ ਦੀ ਖਾਨ ਵੱਲ ਜਾ ਰਿਹਾ ਸੀ। ਜਾਣਕਾਰੀ ਅਨੁਸਾਰ, ਸਵੇਰੇ 8:50 ਵਜੇ (ਸਥਾਨਕ ਸਮੇਂ) 'ਤੇ ਫੋਰਟ ਸਮਿਥ ਨੇੜੇ ਉਡਾਨ ਭਰਨ ਤੋਂ ਬਾਅਦ ਅਚਾਨਕ ਇਸ ਦਾ ਏਅਰ ਟ੍ਰੈਫਿਕ ਕੰਟਰੋਲ ਨਾਲ ਸੰਪਰਕ ਟੁੱਟ ਗਿਆ। ਫਿਰ ਇਹ ਸਲੇਵ ਨਦੀ ਦੇ ਨੇੜੇ ਕਰੈਸ਼ ਹੋਇਆ ਪਾਇਆ ਗਿਆ।

ਨਾਰਥਵੈਸਟਰਨ ਏਅਰ ਲੀਜ਼, ਜਹਾਜ਼ ਦੇ ਰਜਿਸਟਰਡ ਮਾਲਕ ਨੇ ਕਿਹਾ ਕਿ ਇਸ ਦੇ ਫਲੀਟ ਵਿੱਚ ਦੋ ਤਰ੍ਹਾਂ ਦੇ ਬ੍ਰਿਟਿਸ਼ ਏਰੋਸਪੇਸ ਜੈਟਸਟ੍ਰੀਮ ਮਾਡਲ ਹਨ। ਦੋਵਾਂ ਵਿੱਚ 19 ਯਾਤਰੀਆਂ ਦੀ ਸਮਰੱਥਾ ਹੈ। ਰੀਓ ਟਿੰਟੋ ਦੇ ਚੀਫ ਐਗਜ਼ੀਕਿਊਟਿਵ ਜੈਕਬ ਸਟੋਸ਼ੋਲਮ ਨੇ ਕਿਹਾ ਕਿ ਕੰਪਨੀ ਇਸ ਹਾਦਸੇ ਨਾਲ ਤਬਾਹ ਹੋ ਗਈ ਹੈ। ਸਟੋਸ਼ੋਲਮ ਨੇ ਕਿਹਾ ਕਿ ਅਸੀਂ ਅਧਿਕਾਰੀਆਂ ਦੇ ਨਾਲ ਮਿਲ ਕੇ ਕੰਮ ਕਰ ਰਹੇ ਹਾਂ ਅਤੇ ਇਹ ਪਤਾ ਲਗਾਉਣ ਲਈ ਕਿ ਕੀ ਹੋਇਆ ਹੈ, ਉਨ੍ਹਾਂ ਦੇ ਯਤਨਾਂ ਵਿੱਚ ਅਸੀਂ ਕਿਸੇ ਵੀ ਤਰੀਕੇ ਨਾਲ ਮੱਦਦ ਕਰਾਂਗੇ। ਜਾਣਕਾਰੀ ਅਨੁਸਾਰ ਕੈਨੇਡੀਅਨ ਆਰਮਡ ਫੋਰਸਿਜ਼ ਦੇ ਨਾਲ ਜਨਤਕ ਮਾਮਲਿਆਂ ਦੇ ਅਧਿਕਾਰੀ ਮੈਕਸਿਮ ਕਲੀਚ ਨੇ ਕਿਹਾ ਕਿ ਰਾਇਲ ਕੈਨੇਡੀਅਨ ਏਅਰ ਫੋਰਸ ਦੇ ਤਿੰਨ ਸਕੁਐਡਰਨ ਬਚਾਅ ਅਤੇ ਖੋਜ ਕਾਰਜਾਂ ਲਈ ਘਟਨਾ ਸਥਾਨ ਲਈ ਰਵਾਨਾ ਕੀਤੇ ਗਏ ਸਨ। ਨਾਰਥਵੈਸਟ ਟੈਰੀਟਰੀਜ਼ ਦੇ ਪ੍ਰੀਮੀਅਰ ਆਰਜੇ ਸਿੰਪਸਨ ਨੇ ਹਾਦਸੇ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਹੈ।

ਉਦਯੋਗਿਕ ਇਮਾਰਤ | ਵਿਕਰੀ ਲਈ CBRE
1 ਵੈਨ ਡੇਰ ਗ੍ਰਾਫ ਕੋਰਟ
ਬਰੈਂਪਟਨ, ਓ.ਐਨ
102,205 ਵਰਗ ਫੁੱਟ ਤੁਰੰਤ ਉਪਲਬਧ ਹੈ
ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਸੰਪਰਕ ਕਰੋ:
Fraser McKenna* fraser.mckenna@cbre.com
Joseph Cattana* joseph.cattana@cbre.com
Ted Peters* ted.peters@cbre.com

## ਸਮਰਥਕ ਨੇ ਨਵਾਜ਼ ਦੀ ਰੈਲੀ ਵਿਚ ਲਿਆਂਦਾ ਟਾਈਗਰ



ਇਸਲਾਮਾਬਾਦ, 24 ਜਨਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਨਵਾਜ਼ ਸ਼ਰੀਫ ਦੀ ਰੈਲੀ 'ਚ ਇੱਕ ਸਮਰਥਕ ਅਸਲੀ ਟਾਈਗਰ ਲੈ ਕੇ ਪਹੁੰਚਿਆ। ਜਾਣਕਾਰੀ ਮੁਤਾਬਕ ਇਹ ਘਟਨਾ ਸੋਮਵਾਰ 22 ਜਨਵਰੀ ਦੀ ਹੈ। ਦਰਅਸਲ, ਸ਼ੇਰ ਪਾਕਿਸਤਾਨ ਮੁਸਲਿਮ ਲੀਗ-ਨਵਾਜ਼ (ਪੀ.ਐੱਮ.ਐੱਲ.ਐੱਨ.) ਦਾ ਚੋਣ ਨਿਸ਼ਾਨ ਵੀ ਹੈ।

ਖਬਰਾਂ ਮੁਤਾਬਕ ਜਿਵੇਂ ਹੀ ਨਵਾਜ਼ ਨੂੰ ਇਕ ਸਮਰਥਕ ਰੈਲੀ 'ਚ ਟਾਈਗਰ ਲਿਆਉਣ ਦੀ ਸੂਚਨਾ ਮਿਲੀ ਤਾਂ ਉਨ੍ਹਾਂ ਨੇ ਤੁਰੰਤ ਇਸ ਨੂੰ ਵਾਪਿਸ ਭੇਜਣ ਲਈ ਕਿਹਾ। ਬਾਅਦ ਵਿੱਚ ਪਾਰਟੀ ਦੀ ਬੁਲਾਰਾ ਅਤੇ ਸਾਬਕਾ ਕੇਂਦਰੀ ਮੰਤਰੀ ਮਰੀਅਮ ਨਵਾਜ਼ ਨੇ ਉਰਦੂ ਵਿੱਚ ਇੱਕ ਸੋਸ਼ਲ ਮੀਡੀਆ ਪੋਸਟ ਕੀਤੀ। ਕਿਹਾ- ਸਮਰਥਕਾਂ ਨੂੰ ਅਜਿਹੀਆਂ ਗੱਲਾਂ ਨਹੀਂ ਕਰਨੀਆਂ ਚਾਹੀਦੀਆਂ।

ਰੈਲੀ ਵਿੱਚ ਲਿਆਂਦੇ ਗਏ ਬਾਘ ਨੂੰ ਲੋਹੇ ਦੇ ਪਿੰਜਰੇ ਵਿੱਚ ਕੈਦ ਕਰ ਦਿੱਤਾ ਗਿਆ। ਪਰ ਇਸ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੋਣ ਲੱਗੀ। ਜਿਵੇਂ ਹੀ ਖਬਰ ਲੱਗੀ, ਨਵਾਜ਼ ਨੇ ਤੁਰੰਤ ਪਾਰਟੀ ਦੇ ਉੱਚ ਅਧਿਕਾਰੀਆਂ ਨੂੰ ਇਸ ਨੂੰ ਵਾਪਿਸ ਭੇਜਣ ਲਈ ਕਿਹਾ। ਇਸ ਤੋਂ ਬਾਅਦ ਜੋ ਵਿਅਕਤੀ ਲੈ ਕੇ ਆਇਆ ਸੀ, ਉਹ ਵੀ ਵਾਪਿਸ ਲੈ ਗਿਆ। ਪਾਰਟੀ ਦੀ ਤਰਜਮਾਨ ਮਰੀਅਮ ਔਰੰਗਜ਼ੇਬ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਨਵਾਜ਼ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਕੋਈ ਵੀ ਅਸਲ ਸ਼ੇਰ ਜਾਂ ਕਿਸੇ ਹੋਰ ਜਾਨਵਰ ਨਾਲ ਰੈਲੀ ਵਿੱਚ ਨਹੀਂ ਆਉਣਗੇ। ਸਾਨੂੰ ਆਪਣੇ ਨੇਤਾ ਦਾ ਕਹਿਣਾ ਮੰਨਣਾ ਚਾਹੀਦਾ ਹੈ। ਉਨ੍ਹਾਂ ਇਸ ਘਟਨਾ 'ਤੇ ਨਾਰਾਜ਼ਗੀ ਪ੍ਰਗਟਾਈ ਹੈ।

## ਚੀਨ ਵਿਚ ਦੁਕਾਨਾਂ ਦੇ ਬੇਸਮੈਂਟ 'ਚ ਲੱਗੀ ਅੱਗ, 25 ਲੋਕਾਂ ਦੀ ਮੌਤ



ਬੀਜਿੰਗ, 24 ਜਨਵਰੀ (ਪੋਸਟ ਬਿਊਰੋ): ਚੀਨ ਵਿਚ ਭਿਆਨਕ ਅੱਗ ਲੱਗਣ ਦੀ ਘਟਨਾ ਵਾਪਰੀ ਹੈ। ਅੱਗ ਲੱਗਣ ਕਾਰਨ 25 ਮੌਤਾਂ ਹੋਣ ਦੀ ਖਬਰ ਹੈ। ਸਥਾਨਕ ਸਰਕਾਰ ਦਾ ਕਹਿਣਾ ਹੈ ਕਿ ਚੀਨ ਦੇ ਦੱਖਣ-ਪੂਰਬੀ ਜਿਆਂਗਸੀ ਸੂਬੇ ਵਿੱਚ ਅੱਗ ਲੱਗਣ ਕਾਰਨ ਘੱਟੋ-ਘੱਟ 25 ਲੋਕਾਂ ਦੀ ਮੌਤ ਹੋ ਗਈ ਹੈ। ਜਾਣਕਾਰੀ ਮੁਤਾਬਕ ਚੀਨ ਦੇ ਦੱਖਣੀ ਜਿਆਂਗਸੀ ਸੂਬੇ 'ਚ ਬੁੱਧਵਾਰ ਨੂੰ ਕੁਝ ਦੁਕਾਨਾਂ ਦੇ ਬੇਸਮੈਂਟ 'ਚ ਅੱਗ ਲੱਗਣ ਕਾਰਨ 25 ਲੋਕਾਂ ਦੀ ਮੌਤ ਹੋ ਗਈ। ਸਥਾਨਕ ਸਰਕਾਰ ਨੇ ਇਸ ਘਟਨਾ ਦੀ ਜਾਣਕਾਰੀ ਦਿੱਤੀ। ਇਨਾ ਹੀ ਨਹੀਂ ਸ਼ੀਨਿਊ ਸ਼ਹਿਰ 'ਚ ਲੱਗੀ ਅੱਗ 'ਚ ਲੋਕ ਜ਼ਖਮੀ ਵੀ ਹੋਏ ਹਨ। ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਗਿਆ ਹੈ, ਸਰਕਾਰੀ ਬਿਆਨ ਵਿਚ ਇਹ ਨਹੀਂ ਦੱਸਿਆ ਗਿਆ ਕਿ ਕਿੰਨੇ ਲੋਕ ਜ਼ਖਮੀ ਹੋਏ ਹਨ।

ਇਸ ਤੋਂ ਪਹਿਲਾਂ ਵੀ ਚੀਨ ਵਿੱਚ ਅੱਗ ਲੱਗਣ ਦੀਆਂ ਵੱਖ-ਵੱਖ ਘਟਨਾਵਾਂ ਵਾਪਰ ਚੁੱਕੀਆਂ ਹਨ। ਇਨ੍ਹਾਂ ਘਟਨਾਵਾਂ ਵਿਚ 21 ਲੋਕਾਂ ਦੀ ਮੌਤ ਹੋ ਗਈ ਸੀ। ਮਰਨ ਵਾਲਿਆਂ ਵਿੱਚ ਕਈ ਸਕੂਲੀ ਵਿਦਿਆਰਥੀ ਵੀ ਸ਼ਾਮਿਲ ਹਨ। ਸਥਾਨਕ ਅਧਿਕਾਰੀਆਂ ਨੇ ਦੱਸਿਆ ਕਿ ਪਹਿਲੀ ਘਟਨਾ ਹੇਨਾਨ ਸੂਬੇ ਦੇ ਯਾਂਸ਼ਾਨਪੂ ਪਿੰਡ ਦੀ ਹੈ, ਜਿੱਥੇ ਸ਼ੁੱਕਰਵਾਰ ਰਾਤ ਕਰੀਬ 11 ਵਜੇ ਯਿੰਗਕਾਈ ਸਕੂਲ 'ਚ ਅੱਗ ਲੱਗਣ ਦੀ ਸੂਚਨਾ ਮਿਲੀ। ਇਸ ਹਾਦਸੇ ਵਿੱਚ ਹੁਣ ਤੱਕ 13 ਵਿਦਿਆਰਥੀਆਂ ਦੀ ਮੌਤ ਹੋ ਚੁੱਕੀ ਹੈ।

## ਛੇ ਵਾਰ ਦੀ ਵਿਸ਼ਵ ਚੈਂਪੀਅਨ ਮੈਰੀਕਾਮ ਨੇ ਸੰਨਿਆਸ ਲੈਣ ਦਾ ਕੀਤਾ ਐਲਾਨ



ਨਵੀਂ ਦਿੱਲੀ, 24 ਜਨਵਰੀ (ਪੋਸਟ ਬਿਊਰੋ): ਅਨੁਭਵੀ ਮੁੱਕੇਬਾਜ਼ ਮੈਰੀਕਾਮ ਨੇ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਹੈ। ਦਰਅਸਲ, ਅੰਤਰਰਾਸ਼ਟਰੀ ਮੁੱਕੇਬਾਜ਼ੀ ਸੰਘ (ਆਈਬੀਏ) ਦੇ ਨਿਯਮਾਂ ਅਨੁਸਾਰ ਪੁਰਸ਼ ਅਤੇ ਮਹਿਲਾ ਮੁੱਕੇਬਾਜ਼ਾਂ ਨੂੰ 40 ਸਾਲ ਦੀ ਉਮਰ ਤੱਕ ਹੀ ਮੁਕਾਬਲਿਆਂ ਵਿੱਚ ਲੜਨ ਦੀ ਇਜਾਜ਼ਤ ਹੈ। ਅਜਿਹੇ 'ਚ ਉਨ੍ਹਾਂ ਨੂੰ ਸੰਨਿਆਸ ਦਾ ਐਲਾਨ ਕਰਨਾ ਪਿਆ। ਇਕ ਈਵੈਂਟ ਦੌਰਾਨ, 41 ਸਾਲਾ ਮੈਰੀ ਨੇ ਮੰਨਿਆ ਕਿ ਉਨ੍ਹਾਂ ਨੂੰ ਅਜੇ ਵੀ ਵੱਡੇ ਮੰਚ 'ਤੇ ਮੁਕਾਬਲਾ ਕਰਨ ਦੀ ਭੁੱਖ ਹੈ, ਪਰ ਉਮਰ ਸੀਮਾ ਕਾਰਨ ਉਸ ਨੂੰ ਆਪਣੇ ਕਰੀਅਰ 'ਤੇ ਰੋਕ ਲਗਾਉਣੀ ਪਵੇਗੀ।

ਮੈਰੀਕਾਮ ਨੇ ਆਪਣੀ ਰਿਟਾਇਰਮੈਂਟ 'ਤੇ ਕਿਹਾ, "ਮੇਰੇ ਕੋਲ ਅਜੇ ਵੀ ਭੁੱਖ ਹੈ ਪਰ ਬਦਕਿਸਮਤੀ ਨਾਲ ਉਮਰ ਸੀਮਾ ਕਾਰਨ ਮੈਂ ਕਿਸੇ ਮੁਕਾਬਲੇ 'ਚ ਹਿੱਸਾ ਨਹੀਂ ਲੈ ਸਕਦੀ। ਮੈਂ ਹੋਰ ਖੇਡਣਾ ਚਾਹੁੰਦੀ ਹਾਂ ਪਰ ਮੈਨੂੰ ਛੱਡਣਾ ਪਿਆ (ਉਮਰ ਸੀਮਾ ਕਾਰਨ) ਮੈਨੂੰ ਮਜਬੂਰ ਕੀਤਾ ਜਾ ਰਿਹਾ ਹੈ। ਮੈਨੂੰ ਸੰਨਿਆਸ ਲੈਣਾ ਹੈ ਅਤੇ ਮੈਂ ਅਜਿਹਾ ਕਰ ਰਹਹ ਹਾਂ।" ਮੈਰੀ ਨੇ ਇੱਕ ਸਮਾਗਮ ਦੌਰਾਨ ਕਿਹਾ ਕਿ "ਮੈਂ ਆਪਣੀ ਜ਼ਿੰਦਗੀ ਵਿੱਚ ਸਭ ਕੁਝ ਪ੍ਰਾਪਤ ਕੀਤਾ ਹੈ।" ਮੈਰੀ ਮੁੱਕੇਬਾਜ਼ੀ ਇਤਿਹਾਸ ਦੀ ਪਹਿਲੀ ਮਹਿਲਾ ਮੁੱਕੇਬਾਜ਼ ਹੈ ਜਿਸ ਨੇ ਛੇ ਵਿਸ਼ਵ ਖਿਤਾਬ ਆਪਣੇ ਨਾਂ ਕੀਤੇ ਹਨ। ਪੰਜ ਵਾਰ ਦੀ ਏਸ਼ਿਆਈ ਚੈਂਪੀਅਨ 2014 ਦੀਆਂ ਏਸ਼ਿਆਈ ਖੇਡਾਂ ਵਿੱਚ ਸੋਨ ਤਗਮਾ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਮੁੱਕੇਬਾਜ਼ ਸੀ।

ਤਜਰਬੇਕਾਰ ਮੁੱਕੇਬਾਜ਼ ਨੇ ਲੰਡਨ 2012 ਦੀਆਂ ਓਲੰਪਿਕ ਖੇਡਾਂ ਵਿੱਚ ਕਾਂਸੀ ਦਾ ਤਗਮਾ ਜਿੱਤਿਆ ਅਤੇ ਕਈ ਰਿਕਾਰਡ ਵੀ ਆਪਣੇ ਨਾਂ ਕੀਤੇ। ਉਨ੍ਹਾਂ ਆਪਣੇ ਆਪ ਨੂੰ 18 ਸਾਲ ਦੀ ਉਮਰ ਵਿੱਚ ਸਕ੍ਰੈਂਟਨ, ਪੈਨਸਿਲਵੇਨੀਆ ਵਿੱਚ ਉਦਘਾਟਨੀ ਵਿਸ਼ਵ ਕਾਨਫਰੰਸ ਵਿੱਚ ਦੁਨੀਆ ਦੇ ਸਾਹਮਣੇ ਪੇਸ਼ ਕੀਤਾ। ਉਨ੍ਹਾਂ ਆਪਣੇ ਬਾਕਸਿੰਗ ਸਟਾਈਲ ਨਾਲ ਸਭ ਨੂੰ ਪ੍ਰਭਾਵਿਤ ਕੀਤਾ ਅਤੇ 48 ਕਿਲੋ ਵਰਗ ਦੇ ਫਾਈਨਲ ਵਿੱਚ ਥਾਂ ਬਣਾਈ। ਉਹ ਫਾਈਨਲ ਵਿੱਚ ਘੱਟ ਗਏ ਪਰ ਸਫਲਤਾ ਦਾ ਇੱਕ ਨਿਸ਼ਾਨ ਛੱਡ ਗਈ ਜੋ ਭਵਿੱਖ ਵਿੱਚ ਉਸ ਲਈ ਆਉਣੀ ਸੀ। ਆਉਣ ਵਾਲੇ ਸਾਲਾਂ ਵਿੱਚ, ਉਹ ਏਆਈਬੀਏ ਮਹਿਲਾ ਵਿਸ਼ਵ ਮੁੱਕੇਬਾਜ਼ੀ ਚੈਂਪੀਅਨਸ਼ਿਪ ਵਿੱਚ ਸੋਨ ਤਮਗਾ ਜਿੱਤਣ ਵਾਲੀ ਪਹਿਲੀ ਭਾਰਤੀ ਬਣ ਗਈ। ਉਨ੍ਹਾਂ 2005, 2006, 2008 ਅਤੇ 2010 ਦੇ ਸੀਜ਼ਨ ਵਿੱਚ ਵਿਸ਼ਵ ਚੈਂਪੀਅਨਸ਼ਿਪ ਦਾ ਖਿਤਾਬ ਜਿੱਤਿਆ। 2008 ਦਾ ਖਿਤਾਬ ਜਿੱਤਣ ਤੋਂ ਬਾਅਦ, ਮੈਰੀ ਆਪਣੇ ਜੁੜਵਾਂ ਬੱਚਿਆਂ ਨੂੰ ਜਨਮ ਦੇਣ ਤੋਂ ਬਾਅਦ ਬ੍ਰੇਕ 'ਤੇ ਚਲੀ ਗਈ।

## ਚੰਡੀਗੜ੍ਹ ਦੇ ਮੇਅਰ ਦੀ ਚੋਣ 30 ਜਨਵਰੀ ਨੂੰ

### ਹਾਈਕੋਰਟ ਵੱਲੋਂ ਸਵੇਰੇ 10 ਵਜੇ ਕਰਵਾਉਣ ਦੇ ਹੁਕਮ



ਚੰਡੀਗੜ੍ਹ, 24 ਜਨਵਰੀ (ਪੋਸਟ ਬਿਊਰੋ): ਚੰਡੀਗੜ੍ਹ ਵਿੱਚ ਮੇਅਰ ਦੀ ਚੋਣ 30 ਜਨਵਰੀ ਨੂੰ ਹੋਵੇਗੀ। ਬੁੱਧਵਾਰ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਹੋਈ ਸੁਣਵਾਈ 'ਚ ਅਦਾਲਤ ਨੇ ਸਵੇਰੇ 10 ਵਜੇ ਚੋਣਾਂ ਕਰਵਾਉਣ ਦੇ ਹੁਕਮ ਦਿੱਤੇ ਹਨ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੰਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕਾਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਹਲਫ਼ੀਆ ਬਿਆਨ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial
Brokerage Lic. 12538
Cell: 416-841-4218 Tel: 905-216-5563
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਹੋਏ ਪਏ ਤੇਜ਼ ਪੰਜਾਬ ਵਿੱਚ ਕਈ ਆਗੂ,
ਚੋਣਾਂ ਵਾਸਤੇ ਲੱਗਾ ਪਿਆ ਗੇਅਰ ਮੀਆਂ।
ਕੁਝ ਤਾਂ ਭਾਲਦੇ ਟਿਕਟ ਹਨ ਕਿਸੇ ਵੱਲੋਂ,
ਚੱਕਰ ਕੱਢਦੇ ਆ ਹੇਅਰ-ਦੇਅਰ ਮੀਆਂ।
ਜਿਹੜਾ ਦਾਅ ਕੁਝ ਸੁੱਝਦਾ, ਲਾਈ ਜਾਂਦੇ,
ਛੱਡਿਆ ਜਾਂਦਾ ਨਾ ਸਮਾਂ ਸਪੇਅਰ ਮੀਆਂ।
ਜਾਂਦੇ ਈ ਜਿਸ ਵੰਨੀਂ, ਗੋਡੇ ਜਾਣ ਪਕੜੀ,
ਤਰਲਾ ਕਰਨ ਕਿ ਰੱਖਿਉ ਕੇਅਰ ਮੀਆਂ।
ਵੱਡਿਆਂ ਪਿੱਛੇ ਨੇ ਦੌੜ ਰਹੇ ਦਿਨੇ-ਰਾਤੀਂ,
ਲਾਉਂਦੇ ਅੰਦਰਲਾ ਟਿੱਲ ਆ ਕੁੱਲ ਮੀਆਂ।
ਹੁੰਦੀ ਇੱਜ਼ਤ ਬੱਸਬਾਹਰ ਸਮਾਜ ਅੰਦਰ,
ਪਾਰਟੀ ਅੰਦਰ ਨਾ ਟਕਾ ਵੀ ਮੁੱਲ ਮੀਆਂ।

**ਤੀਸ ਮਾਰ ਖਾਂ**


## ਅਸਾਮ ਵਿਚ ਰਾਹੁਲ ਗਾਂਧੀ ਸਮੇਤ ਕਈ ਕਾਂਗਰਸੀ ਨੇਤਾਵਾਂ 'ਤੇ ਹਿੰਸਾ ਵਿੱਚ ਸ਼ਾਮਿਲ ਹੋਣ ਦੇ ਦੋਸ਼ ਹੇਠ ਐੱਫ.ਆਈ.ਆਰ



ਗੁਹਾਟੀ, 24 ਜਨਵਰੀ (ਪੋਸਟ ਬਿਊਰੋ): ਕਾਂਗਰਸ ਨੇਤਾ ਰਾਹੁਲ ਗਾਂਧੀ ਇਸ ਸਮੇਂ ਉੱਤਰ-ਪੂਰਬੀ ਰਾਜਾਂ ਵਿੱਚ ਭਾਰਤ ਜੋੜੋ ਨਿਆਏ ਯਾਤਰਾ ਕੱਢ ਰਹੇ ਹਨ। ਹਾਲਾਂਕਿ, ਰਾਹੁਲ ਗਾਂਧੀ ਦਾ ਅਸਾਮ ਵਿੱਚ ਪ੍ਰਸ਼ਾਸਨ ਨਾਲ ਟਕਰਾਅ ਚੱਲ ਰਿਹਾ ਹੈ। ਕਾਂਗਰਸ ਨੇਤਾਵਾਂ ਅਤੇ ਸਮਰਥਕਾਂ ਨੂੰ ਗੁਹਾਟੀ ਦੀਆਂ ਮੁੱਖ ਸੜਕਾਂ 'ਤੇ ਦਾਖਲ ਹੋਣ ਤੋਂ ਰੋਕਣ ਲਈ ਹਾਈਵੇਅ 'ਤੇ ਬੈਰੀਕੇਡ ਲਗਾਏ ਗਏ ਸਨ ਪਰ ਕਾਂਗਰਸੀ ਵਰਕਰਾਂ ਨੇ ਬੈਰੀਕੇਡ ਤੋੜ ਦਿੱਤੇ ਅਤੇ ਪੁਲਿਸ ਨਾਲ ਝੜਪ ਹੋ ਗਈ। ਹੁਣ ਇਸ ਮਾਮਲੇ ਵਿੱਚ ਅਸਾਮ ਪੁਲਿਸ ਨੇ ਖੁਦ ਨੋਟਿਸ ਲਿਆ ਹੈ ਅਤੇ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਅਤੇ ਪਾਰਟੀ ਦੇ ਹੋਰ ਨੇਤਾਵਾਂ ਦੇ ਖਿਲਾਫ ਹਿੰਸਾ ਵਿੱਚ ਸ਼ਾਮਿਲ ਹੋਣ ਦੇ ਦੋਸ਼ ਵਿੱਚ ਐੱਫ.ਆਈ.ਆਰ. ਦਰਜ ਕੀਤੀ ਹੈ।

ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਟਵੀਟ ਕੀਤਾ ਹੈ ਕਿ ਕਾਂਗਰਸ ਮੈਂਬਰਾਂ ਵੱਲੋਂ ਹਿੰਸਾ ਦੀਆਂ ਬੇਕਾਬੂ ਕਾਰਵਾਈਆਂ, ਭੜਕਾਹਟ, ਜਨਤਕ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਪੁਲਿਸ ਮੁਲਾਜ਼ਮਾਂ 'ਤੇ ਹਮਲਿਆਂ ਦੇ ਸੰਦਰਭ ਵਿੱਚ ਰਾਹੁਲ ਗਾਂਧੀ, ਕੇ.ਸੀ. ਵੇਣੂਗੋਪਾਲ, ਕਨ੍ਹਈਆ ਕੁਮਾਰ ਅਤੇ ਹੋਰ ਵਿਅਕਤੀਆਂ ਵਿਰੁੱਧ ਧਾਰਾ 120 (ਬੀ) 143/147/188/283/353/332/333/427 ਆਈਪੀਸੀ ਦੀ ਧਾਰਾ 3 ਪੀਡੀਪੀਪੀ ਐਕਟ ਤਹਿਤ ਐੱਫ.ਆਈ.ਆਰ. ਦਰਜ ਕੀਤੀ ਗਈ ਹੈ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਰਾਜ ਦੇ ਪੁਲਿਸ ਡਾਇਰੈਕਟਰ ਜਨਰਲ ਨੂੰ ਬੈਰੀਕੇਡ ਤੋੜਨ ਲਈ ਭੀੜ ਨੂੰ ਭੜਕਾਉਣ ਲਈ ਰਾਹੁਲ ਗਾਂਧੀ ਵਿਰੁੱਧ ਕੇਸ ਦਰਜ ਕਰਨ ਦੇ ਨਿਰਦੇਸ਼ ਦਿੱਤੇ ਸਨ।

## ਪ੍ਰਾਣ ਪ੍ਰਤੀਸ਼ਿਠਤਾ ਤੋਂ ਬਾਅਦ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ: ਬਾਬਰ ਦੇ ਰਾਜ ਦੌਰਾਨ ਮਿਲੇ ਜ਼ਖਮ ਠੀਕ ਹੋਏ



ਨਵੀਂ ਦਿੱਲੀ, 24 ਜਨਵਰੀ (ਪੋਸਟ ਬਿਊਰੋ): ਅਯੁੱਧਿਆ ਵਿਚ ਰਾਮ ਮੰਦਰ ਵਿਚ ਪ੍ਰਾਣ ਪ੍ਰਤੀਸ਼ਿਠਤਾ ਹੋਣ ਤੋਂ ਬਾਅਦ ਪੂਰੇ ਦੇਸ਼ ਵਿਚ ਤਿਉਹਾਰ ਦਾ ਮਾਹੌਲ ਹੈ। ਰਾਮਲਾਲਾ ਦੀ ਮੂਰਤੀ ਮੰਦਰ ਦੇ ਪਾਵਨ ਅਸਥਾਨ 'ਚ ਮੌਜੂਦ ਹੈ, ਜਿਸ ਦੇ ਦਰਸ਼ਨਾਂ ਲਈ ਲੱਖਾਂ ਲੋਕ ਕਤਾਰਾਂ 'ਚ ਖੜ੍ਹੇ ਹਨ। ਰਾਮ ਮੰਦਰ ਦੇ ਨਿਰਮਾਣ ਤੋਂ ਬਾਅਦ ਮੰਦਰ ਅਤੇ ਰਾਮਲਲਾ ਦੀ ਸ਼ਾਨ ਨੂੰ ਲੈ ਕੇ ਹਰ ਪਾਸਿਓਂ ਪ੍ਰਤੀਕਿਰਿਆਵਾਂ ਆ ਰਹੀਆਂ ਹਨ। ਅਜਿਹੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਰਾਮ ਮੰਦਰ ਦੀ ਪਵਿੱਤਰਤਾ ਤੋਂ ਬਾਅਦ ਮੁਗਲ ਹਮਲਾਵਰ ਬਾਬਰ ਦਾ ਜ਼ਿਕਰ ਕੀਤਾ ਹੈ।

ਰਾਮ ਮੰਦਰ ਪ੍ਰਾਣ ਪ੍ਰਤੀਸ਼ਠਤਾ 'ਤੇ ਖੁਸ਼ੀ ਜ਼ਾਹਿਰ ਕਰਦੇ ਹੋਏ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰ-ਦਰ ਮੋਦੀ ਨੇ ਅਯੁੱਧਿਆ 'ਚ ਰਾਮ ਮੰਦਰ 'ਚ 'ਪ੍ਰਾਣ ਪ੍ਰਤੀਸ਼ਠਤਾ' ਕਰ ਕੇ ਜ਼ਿਕਰਯੋਗ ਕੰਮ ਕੀਤਾ ਹੈ। ਦੁਨੀਆਂ ਭਰ ਦੇ ਭਗਵਾਨ ਰਾਮ ਦੇ ਭਗਤ ਪਿਛਲੇ 500 ਸਾਲਾਂ ਤੋਂ ਇਸ ਪਲ ਦੀ ਉਡੀਕ ਕਰ ਰਹੇ ਸਨ। ਉਹ ਪੁੱਛ ਰਹੇ ਸਨ ਕਿ ਭਗਵਾਨ ਰਾਮ ਨੂੰ ਤੰਬੂ ਤੋਂ ਵੱਡੇ ਮੰਦਰ ਵਿਚ ਕਦੋਂ ਸ਼ਿਫਟ ਕੀਤਾ ਜਾਵੇਗਾ। ਇਸ ਵਿਕਾਸ ਨੇ ਹੁਣ ਉਸ ਡੂੰਘੇ ਜ਼ਖ਼ਮ ਨੂੰ ਮਿਟਾ ਦਿੱਤਾ ਹੈ ਜੋ ਬਾਬਰ ਦੇ ਦੌਰ ਵਿੱਚ ਸਾਡੇ ਦਿਲਾਂ ਵਿੱਚ ਲੱਗਾ ਸੀ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

## ਅਮਰੀਕਾ ਵਿਚ ਹਾਦਸੇ ਦੌਰਾਨ ਪੰਜਾਬੀ ਨੌਜਵਾਨ ਦੀ ਮੌਤੀ



ਗੁਰਦਾਸਪੁਰ, 24 ਜਨਵਰੀ (ਪੋਸਟ ਬਿਊਰੋ): ਅੰਮ੍ਰਿਤਸਰ-ਗੁਰਦਾਸਪੁਰ ਰੋਡ 'ਤੇ ਸਥਿਤ ਪਿੰਡ ਡੁੱਡੀਪੁਰ ਦੇ ਨੌਜਵਾਨ ਦੀ ਅਮਰੀਕਾ 'ਚ ਸੜਕ ਹਾਦਸੇ 'ਚ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਗੁਰਵਿੰਦਰ ਸਿੰਘ ਵਜੋਂ ਹੋਈ ਹੈ, ਜੋਕਿ 3 ਸਾਲ ਪਹਿਲਾਂ ਰੋਜ਼ੀ ਰੋਟੀ ਕਮਾਉਣ ਲਈ ਅਮਰੀਕਾ ਗਿਆ ਸੀ ਅਤੇ ਉੱਥੇ ਟਰੱਕ ਡਰਾਈਵਰ ਵਜੋਂ ਕੰਮ ਕਰਦਾ ਸੀ। ਮ੍ਰਿਤਕ ਆਪਣੇ ਪਿੱਛੇ ਵਿਧਵਾ ਮਾਂ, ਇੱਕ ਭੈਣ, ਪਤਨੀ ਅਤੇ ਦੋ ਛੋਟੇ ਬੱਚੇ ਛੱਡ ਗਿਆ ਹੈ।

ਮ੍ਰਿਤਕ ਗੁਰਵਿੰਦਰ ਸਿੰਘ ਦੀ ਪਤਨੀ ਹਰਵਿੰਦਰ ਕੌਰ ਅਤੇ ਮਾਤਾ ਦਿਲਰਾਜ ਕੌਰ ਨੇ ਦੱਸਿਆ ਕਿ ਗੁਰਵਿੰਦਰ ਸਿੰਘ (30 ਸਾਲ) ਉਨ੍ਹਾਂ ਦਾ ਇਕਲੌਤਾ ਪੁੱਤਰ ਸੀ ਜੋ ਕਰੀਬ 3 ਸਾਲ ਪਹਿਲਾਂ ਅਮਰੀਕਾ ਦੇ ਸ਼ਹਿਰ ਕੈਲੀਫੋਰਨੀਆ ਵਿਖੇ ਰੋਜ਼ੀ-ਰੋਟੀ ਕਮਾਉਣ ਲਈ ਗਿਆ ਸੀ ਅਤੇ ਉੱਥੇ ਟਰੱਕ ਡਰਾਈਵਰ ਵਜੋਂ ਕੰਮ ਕਰਦਾ ਸੀ।

ਪਰਿਵਾਰ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਪੁੱਤਰ ਦੀ ਲਾਸ਼ ਨੂੰ ਜਲਦ ਤੋਂ ਜਲਦ ਭਾਰਤ ਲਿਆਂਦਾ ਜਾਵੇ ਤਾਂ ਜੋ ਉਸ ਦਾ ਅੰਤਿਮ ਸੰਸਕ-ਾਰ ਉਸ ਦੇ ਜੱਦੀ ਪਿੰਡ ਵਿੱਚ ਕੀਤਾ ਜਾ ਸਕੇ।

## ਮੁਕਤਸਰ ਵਿਚ ਅਣਪਛਾਤੇ ਵਾਹਨ ਨੇ ਬਾਈਕ ਨੂੰ ਮਾਰੀ ਟੱਕਰ, 3 ਨੌਜਵਾਨਾਂ ਦੀ ਮੌਤ

ਮਲੋਟ, 24 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁਕਤਸਰ ਵਿੱਚ ਮੰਗਲਵਾਰ ਦੇਰ ਸ਼ਾਮ ਹੋਏ ਇੱਕ ਸੜਕ ਹਾਦਸੇ ਵਿੱਚ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ। ਤਿੰਨੋਂ ਮਜ਼ਦੂਰ ਕੰਮ ਕਰਕੇ ਘਰ ਜਾ ਰਹੇ ਸਨ। ਜਿਵੇਂ ਹੀ ਉਹ ਆਪਣੇ ਘਰ ਨੇੜੇ ਪਹੁੰਚੇ ਤਾਂ ਕਿਸੇ ਅਣਪਛਾਤੇ ਵਾਹਨ ਨੇ ਉਸ ਨੂੰ ਟੱਕਰ ਮਾਰ ਦਿੱਤੀ। ਜਿਸ 'ਚ ਦੋ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਇਕ ਨੇ ਹਸਪਤਾਲ 'ਚ ਦਮ ਤੋੜ ਦਿੱਤਾ।

ਹਾਦਸੇ ਵਿੱਚ ਭੁਪਿੰਦਰ ਸਿੰਘ (18), ਇਕਬਾਲ ਸਿੰਘ (19) ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਰਵਿੰਦਰ ਸਿੰਘ ਨੂੰ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਕੁਝ ਸਮੇਂ ਬਾਅਦ ਹਰਵਿੰਦਰ ਸਿੰਘ (18) ਦੀ ਵੀ ਮੌਤ ਹੋ ਗਈ। ਪੁਲਿਸ ਨੇ ਮ੍ਰਿਤਕ ਦੇ ਪਿਤਾ ਹਰਵਿੰਦਰ ਸਿੰਘ ਦੇ ਬਿਆਨਾਂ 'ਤੇ ਅਣਪਛਾਤੇ ਵਾਹਨ ਚਾਲਕ ਖਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਥਾਣਾ ਸਦਰ ਮੁਕਤਸਰ ਦੀ ਪੁਲਿਸ ਨੇ ਅਣਪਛਾਤੇ ਵਾਹਨ ਚਾਲਕ ਖਿਲਾਫ਼ ਕੇਸ ਦਰਜ ਕਰ ਲਿਆ ਹੈ। ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਮ੍ਰਿਤਕ ਹਰਵਿੰਦਰ ਸਿੰਘ ਦੇ ਪਿਤਾ ਭੋਲਾ ਨੇ ਦੱਸਿਆ ਕਿ ਉਹ ਮਜ਼ਦੂਰੀ ਦਾ ਕੰਮ ਕਰਦਾ ਹੈ ਅਤੇ ਉਸ ਦੇ ਦੋ ਪੁੱਤਰ ਹਨ। ਵੱਡੇ ਪੁੱਤਰ ਹਰਵਿੰਦਰ ਸਿੰਘ ਅਤੇ ਸੁਖਵਿੰਦਰ ਸਿੰਘ ਹਨ। ਜਦੋਂ ਉਹ ਸ਼ਾਮ 7 ਵਜੇ ਦੇ ਕਰੀਬ ਕੰਮ ਤੋਂ ਬਾਅਦ ਘਰ ਪਹੁੰਚਿਆ ਤਾਂ ਮੇਰੇ ਭਰਾ ਬੱਗਾ ਸਿੰਘ ਨੇ ਦੱਸਿਆ ਕਿ ਹਰਵਿੰਦਰ ਅਤੇ ਭੁਪਿੰਦਰ ਸਿੰਘ ਮਿਹਨਤ ਮਜ਼ਦੂਰੀ ਕਰਕੇ ਆਪਣੇ ਸਾਈਕਲ 'ਤੇ ਮੁਕਤਸਰ ਤੋਂ ਵਾਪਿਸ ਪਿੰਡ ਨੂੰ ਜਾ ਰਹੇ ਸਨ ਅਤੇ ਜਦੋਂ ਉਹ ਘਰ ਨੇੜੇ ਪਹੁੰਚੇ ਤਾਂ ਕਿਸੇ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ। ਉਨ੍ਹਾਂ ਦੀ ਬਾਈਕ ਨੂੰ ਟੱਕਰ ਮਾਰ ਦਿੱਤੀ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸੂਰਿਆਕੁਮਾਰ ਯਾਦਵ ਨੂੰ ਆਈਸੀਸੀ ਨੇ ਦਿੱਤਾ ਸਭ ਤੋਂ ਵੱਡਾ ਐਵਾਰਡ



ਨਵੀਂ ਦਿੱਲੀ, 24 ਜਨਵਰੀ (ਪੋਸਟ ਬਿਊਰੋ): ਆਈਸੀਸੀ ਟੀ-20 ਰੈਂਕਿੰਗ 'ਚ ਨੰਬਰ ਇਕ ਬੱਲੇਬਾਜ਼ ਭਾਰਤ ਦੇ ਸਟਾਰ ਖਿਡਾਰੀ ਸੂਰਿਆਕੁਮਾਰ ਯਾਦਵ ਨੇ ਆਪਣੇ ਪ੍ਰਦਰਸ਼ਨ ਦੇ ਦਮ 'ਤੇ ਇਕ ਹੋਰ ਐਵਾਰਡ ਜਿੱਤ ਲਿਆ ਹੈ। ਆਈਸੀਸੀ ਨੇ ਸੂਰਿਆਕੁਮਾਰ ਯਾਦਵ ਨੂੰ ਟੀ-20 ਕ੍ਰਿਕਟਰ ਆਫ ਦੀ ਈਅਰ ਦਾ ਐਵਾਰਡ ਦਿੱਤਾ ਹੈ। ਇਹ ਲਗਾਤਾਰ ਦੂਜੀ ਵਾਰ ਹੈ ਜਦੋਂ ਸੂਰਿਆਕੁਮਾਰ ਯਾਦਵ ਨੂੰ ਇਹ ਪੁਰਸਕਾਰ ਮਿਲਿਆ ਹੈ। ਸਾਲ 2023 ਸੂਰਿਆਕੁਮਾਰ ਯਾਦਵ ਲਈ ਸ਼ਾਨਦਾਰ ਸਾਲ ਰਿਹਾ ਅਤੇ ਉਨ੍ਹਾਂ ਨੇ ਆਪਣੇ ਬੱਲੇ ਨਾਲ ਕਾਫੀ ਦੌੜਾਂ ਬਣਾਈਆਂ।

ਸੂਰਿਆਕੁਮਾਰ ਯਾਦਵ ਨੇ ਸਾਲ 2023 ਵਿੱਚ ਟੀ-20 ਅੰਤਰਰਾਸ਼ਟਰੀ ਵਿੱਚ ਲਗਭਗ 50 ਦੀ ਔਸਤ ਅਤੇ 150 ਤੋਂ ਵੱਧ ਦੀ ਸਟ੍ਰਾਈਕ ਰੇਟ ਨਾਲ ਖੂਬ ਦੌੜਾਂ ਬਣਾਈਆਂ। ਸੂਰਿਆ ਨੇ ਸਾਲ 2021 'ਚ ਇੰਗਲੈਂਡ ਖਿਲਾਫ ਛੱਕਾ ਲਗਾ ਕੇ ਟੀ-20 ਅੰਤਰਰਾਸ਼ਟਰੀ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਇਸ ਤੋਂ ਬਾਅਦ ਸੂਰਿਆ ਨੇ ਪਿੱਛੇ ਮੁੜ ਕੇ ਨਹੀਂ ਦੇਖਿਆ ਅਤੇ ਲਗਾਤਾਰ ਦੌੜਾਂ ਬਣਾਈਆਂ। ਆਈਸੀਸੀ ਵੱਲੋਂ ਕੁੱਲ 4 ਹੋਰ ਖਿਡਾਰੀਆਂ ਨੂੰ ਇਸ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਸੀ। ਇਸ ਵਿੱਚ ਜ਼ਿੰਬਾਬਵੇ ਦੇ ਸਿਕੰਦਰ ਰਜ਼ਾ, ਯੁਗਾਂਡਾ ਦੇ ਅਲਪੇਸ਼ ਰਾਮਜਾਨੀ ਅਤੇ ਨਿਊਜ਼ੀਲੈਂਡ ਦੇ ਮਾਰਕ ਚੈਪਮੈਨ ਸ਼ਾਮਲ ਸਨ ਪਰ ਇਨ੍ਹਾਂ ਸਾਰਿਆਂ ਨੂੰ ਪਿੱਛੇ ਛੱਡਦੇ ਹੋਏ ਸੂਰਿਆਕੁਮਾਰ ਯਾਦਵ ਨੇ ਆਈਸੀਸੀ ਟੀ-20 ਪਲੇਅਰ ਆਫ ਦਿ ਈਅਰ ਦਾ ਐਵਾਰਡ ਜਿੱਤ ਲਿਆ ਹੈ।

## ਆਮ ਆਦਮੀ ਪਾਰਟੀ ਪੰਜਾਬ 'ਚ 13 ਲੋਕ ਸਭਾ ਸੀਟਾਂ 'ਤੇ ਇਕੱਲਿਆਂ ਲੜੇਗੀ ਚੋਣ



ਚੰਡੀਗੜ੍ਹ, 24 ਜਨਵਰੀ (ਪੋਸਟ ਬਿਊਰੋ): ਇੰਡੀਆ ਗਠਜੋੜ ਵਿੱਚ ਸ਼ਾਮਲ ਆਮ ਆਦਮੀ ਪਾਰਟੀ ਅਤੇ ਕਾਂਗਰਸ ਪੰਜਾਬ ਵਿੱਚ ਵੱਖ-ਵੱਖ ਚੋਣਾਂ ਲੜਨਗੀਆਂ। ਇਸ ਦੀਆਂ ਤਿਆਰੀਆਂ ਵੀ ਸ਼ੁਰੂ ਕਰ ਦਿੱਤੀਆਂ ਹਨ। ਆਮ ਆਦਮੀ ਪਾਰਟੀ 13 ਲੋਕ ਸਭਾ ਸੀਟਾਂ 'ਤੇ ਉਮੀਦਵਾਰ ਖੜ੍ਹੇ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ 13 ਸੀਟਾਂ ਲਈ ਲਗਭਗ 40 ਆਗੂਆਂ ਦੇ ਨਾਂ ਵੀ ਸ਼ਾਰਟਲਿਸਟ ਕੀਤੇ ਗਏ ਹਨ।

ਦੱਸਿਆ ਜਾ ਰਿਹਾ ਹੈ ਕਿ 'ਆਪ' ਦੀ ਆਲਾਕਮਾਨ ਨੇ ਚੋਣਾਂ ਤੋਂ ਪਹਿਲਾਂ ਗਠਜੋੜ ਨਾ ਕਰਨ ਦੇ ਫੈਸਲੇ ਨੂੰ ਸਵੀਕਾਰ ਕਰ ਲਿਆ ਹੈ। ਇਸ ਸਬੰਧੀ ਛੇਤੀ ਹੀ ਅਧਿਕਾਰਤ ਐਲਾਨ ਕੀਤਾ ਜਾਵੇਗਾ। ਹਾਲਾਂਕਿ ਸੀਐਮ ਭਗਵੰਤ ਮਾਨ ਪਹਿਲਾਂ ਹੀ ਵੱਖਰੀ ਚੋਣ ਲੜਨ ਦੇ ਸੰਕੇਤ ਦੇ ਰਹੇ ਹਨ। ਉਹ ਸਾਫ਼ ਕਹਿੰਦੇ ਹਨ ਕਿ ਇਸ ਵਾਰ ਪੰਜਾਬ ਵਿੱਚ ਅਸੀਂ 13-0 ਨਾਲ ਜਿੱਤ ਹਾਸਲ ਕਰਾਂਗੇ।

ਇਕੱਠੇ ਲੋਕ ਸਭਾ ਚੋਣਾਂ ਨਾ ਲੜਨ ਪਿੱਛੇ ਕਈ ਕਾਰਨ ਹਨ। ਕਿਉਂਕਿ ਲੋਕ ਸਭਾ ਚੋਣਾਂ ਤੋਂ ਬਾਅਦ ਪੰਜਾਬ ਵਿੱਚ ਨਗਰ ਨਿਗਮ ਅਤੇ ਪੰਚਾਇਤੀ ਚੋਣਾਂ ਵੀ ਹੋਣੀਆਂ ਤੈਅ ਹਨ। ਜੇਕਰ ਇਹ ਦੋਵੇਂ ਪਾਰਟੀਆਂ ਮਿਲ ਕੇ ਚੋਣ ਮੈਦਾਨ ਵਿਚ ਉਤਰਦੀਆਂ ਹਨ ਤਾਂ ਇਸ ਦਾ ਅਸਰ ਇਨ੍ਹਾਂ 'ਤੇ ਪੈ ਸਕਦਾ ਹੈ। ਇਹ ਦੋਵੇਂ ਧਿਰਾਂ ਜਾਣਦੀਆਂ ਹਨ, ਕਿਉਂਕਿ ਜਿੱਥੇ ਪੰਜਾਬ 'ਚ 'ਆਪ' ਸੱਤਾ 'ਚ ਹੈ, ਉਥੇ ਕਾਂਗਰਸ ਵਿਰੋਧੀ ਪਾਰਟੀ ਹੈ। ਜੇਕਰ ਇਹ ਦੋਵੇਂ ਇਕੱਠੇ ਹੁੰਦੇ ਹਨ ਤਾਂ ਵਿਰੋਧੀ ਪਾਰਟੀਆਂ ਇਸ ਮੁੱਦੇ ਨੂੰ ਗੰਭੀਰਤਾ ਨਾਲ ਉਠਾਉਣਗੀਆਂ।

## 10 ਲੱਖ 77 ਹਜ਼ਾਰ ਕੱਟੇ ਗਏ ਰਾਸ਼ਨ ਕਾਰਡ ਬਹਾਲ ਕੀਤੇ ਜਾਣਗੇ

ਚੰਡੀਗੜ੍ਹ, 24 ਜਨਵਰੀ (ਪੋਸਟ ਬਿਊਰੋ): ਅੱਜ ਪੰਜਾਬ ਮੰਤਰੀ ਮੰਡਲ ਦੀ ਬੈਠਕ ਵਿਚ ਕਈ ਫ਼ੈਸਲੇ ਲਏ ਗਏ ਜਿਨ੍ਹਾ ਵਿਚ ਵੱਡਾ ਫ਼ੈਸਲਾ ਇਹ ਹੈ ਕਿ ਪੰਜਾਬ ਵਿਚ 10 ਲੱਖ 77 ਹਜ਼ਾਰ ਕੱਟੇ ਗਏ ਰਾਸ਼ਨ ਕਾਰਡ ਬਹਾਲ ਕੀਤੇ ਜਾਣਗੇ। ਇਸ ਤੋਂ ਇਲਾਵਾ ਅਧਿਆਪਕਾਂ ਦੀਆਂ ਬਦਲੀਆਂ ਸਬੰਧੀ ਵੀ ਅਹਿਮ ਫੈਸਲਾ ਲਿਆ ਗਿਆ ਹੈ। ਉਨ੍ਹਾਂ ਨੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਲਈ 22 ਜਨਵਰੀ ਨੂੰ ਸਕੂਲਾਂ 'ਚ ਛੁੱਟੀ ਨਾਂ ਕਰਨ 'ਤੇ ਕਿਹਾ ਕਿ ਕੋਈ ਵੀ ਲਾਈਵ ਟੈਲੀਕਾਸਟ ਦੇਖ ਸਕਦਾ ਸੀ ਇਸ ਲਈ ਛੁੱਟੀ ਦੀ ਲੋੜ ਨਹੀਂ ਸੀ . ਉਨ੍ਹਾਂ ਕਿਹਾ ਕਿ ਪਹਿਲਾਂ ਹੀ ਬਹੁਤ ਛੁੱਟੀਆਂ ਹੋ ਚੁੱਕੀਆਂ ਸਨ।

ਇਸ ਦੇ ਨਾਲ ਹੀ ਸੜਕ ਸੁਰੱਖਿਆ ਫੋਰਸ 27 ਜਨਵਰੀ ਨੂੰ ਲਾਗੂ ਕਰ ਦਿੱਤੀ ਜਾਵੇਗੀ। ਇਸਦੇ ਨਾਲ ਹੀ ਪੰਜਾਬ ਸਰਕਾਰ ਦੀ ਪ੍ਰਮੁੱਖ 'ਫਰਿਸ਼ਤੇ ਸਕੀਮ', ਜਿਸ ਤਹਿਤ ਸੜਕ ਹਾਦਸਿਆਂ () ਦੇ ਪੀੜਤਾਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ ਅਤੇ ਸੜਕ ਹਾਦਸੇ ਦੇ ਪੀੜਤ ਨੂੰ ਇਲਾਜ ਲਈ ਹਸਪਤਾਲ ਲਿਜਾਣ ਵਾਲੇ ਵਿਅਕਤੀ ਨੂੰ 2000 ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਰਾਸ਼ਨ ਦੀ ਡੋਰ ਸਟੈਪ ਡਲੀਵਰੀ ਵੀ ਕੀਤੀ ਜਾਵੇਗੀ। ਸਰਕਾਰ ਨੇ ਸਾਬਕਾ ਫ਼ੌਜੀਆਂ ਦੀਆਂ ਵਿਧਵਾਵਾਂ ਦੀ ਪੈਨਸ਼ਨ ਵਧਾ ਕੇ 10 ਹਜ਼ਾਰ ਕੀਤੀ ਗਈ ਹੈ।

## 'ਰਾਸ਼ਟਰੀ ਬਾਲਿਕਾ ਦਿਵਸ' ਸਰਕਾਰਾਂ ਅਤੇ ਸਮਾਜ ਨੂੰ ਬੇਟੀਆਂ ਦੀ ਸੁਰੱਖਿਆ, ਸਿਹਤ ਅਤੇ ਸਿੱਖਿਆ ਪ੍ਰਤੀ ਜਿੰਮੇਵਾਰਾਨਾ ਰੋਲ ਅਦਾ ਕਰਨ ਦਾ ਸੰਦੇਸ਼ ਦਿੰਦਾ ਹੈ : ਬਾਵਾ, ਲਵਲੀ, ਸਿੰਮੀ



ਲੁਧਿਆਣਾ, 24 ਜਨਵਰੀ (ਗਿਆਨ ਸਿੰਘ): ਅੱਜ "ਰਾਸ਼ਟਰੀ ਬਾਲਿਕਾ ਦਿਵਸ" 'ਤੇ ਧੀਆਂ ਦੀ ਲੋਹੜੀ ਪਿਛਲੇ 28 ਸਾਲਾਂ ਤੋਂ ਮਨਾਉਣ ਵਾਲੇ ਕ੍ਰਿਸ਼ਨ ਕੁਮਾਰ ਬਾਵਾ ਚੇਅਰਮੈਨ ਮਾਲਵਾ ਸਭਿਆਚਾਰਕ ਮੰਚ ਪੰਜਾਬ, ਰਾਜੀਵ ਕੁਮਾਰ ਲਵਲੀ ਪ੍ਰਧਾਨ ਮੰਚ ਪੰਜਾਬ ਅਤੇ ਸਿੰਮੀ ਕਵਾਤਰਾ ਪ੍ਰਧਾਨ ਮੰਚ ਪੰਜਾਬ (ਮਹਿਲਾ ਵਿੰਗ) ਨੇ ਕਿਹਾ ਕਿ ਅੱਜ ਦਾ ਦਿਨ ਸਰਕਾਰਾਂ ਅਤੇ ਸਮਾਜ ਨੂੰ ਬੇਟੀਆਂ ਦੀ ਸੁਰੱਖਿਆ, ਸਿਹਤ ਅਤੇ ਸਿੱਖਿਆ ਪ੍ਰਤੀ ਜਿੰਮੇਵਾਰਾਨਾ ਰੋਲ ਅਦਾ ਕਰਨ ਦਾ ਸੰਦੇਸ਼ ਦਿੰਦਾ ਹੈ।

ਉਹਨਾਂ ਕਿਹਾ ਕਿ 24 ਜਨਵਰੀ 1966 ਨੂੰ ਇੱਕ ਮਹਿਲਾ ਦੇਸ਼ ਦੀ ਪ੍ਰਧਾਨ ਮੰਤਰੀ (ਇੰਦਰਾ ਗਾਂਧੀ) ਬਣੀ। ਉਸ ਦਿਨ ਨੂੰ ਸਰਕਾਰ ਨੇ "ਰਾਸ਼ਟਰੀ ਬਾਲਿਕਾ ਦਿਵਸ" ਦੇ ਰੂਪ ਵਿੱਚ ਮਨਾਉਣਾ ਸ਼ੁਰੂ ਕੀਤਾ ਪਰ ਅੱਜ ਵੀ ਸਾਡੇ ਸਮਾਜ ਅੰਦਰ ਬੇਟੀਆਂ ਨਾਲ ਦੁਰਵਿਵਹਾਰ, ਭਰੂਣ ਹੱਤਿਆ ਜਿਹੀਆਂ ਅਲਾਮਤਾਂ ਤੋਂ ਛੁਟਕਾਰਾ ਮਿਲਣ ਦੀ ਬਜਾਏ ਵਾਧਾ ਹੋਣਾ ਦੁੱਖ ਤੇ ਚਿੰਤਾ ਦਾ ਵਿਸ਼ਾ ਹੈ। ਉਹਨਾਂ ਕਿਹਾ ਕਿ ਬੇਟੀਆਂ ਨੂੰ ਸੁਰੱਖਿਅਤ ਮਾਹੌਲ ਦੇਣਾ ਹਰ ਖੇਤਰ ਵਿੱਚ ਵਧਣ ਫੁੱਲਣ ਦੇ ਮੌਕੇ ਪ੍ਰਦਾਨ ਕਰਨ ਸਰਕਾਰਾਂ ਅਤੇ ਸਮਾਜ ਦਾ ਫ਼ਰਜ਼ ਹੈ ਜਿਨ੍ਹਾਂ ਬਾਰੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵੀ ਸਾਨੂੰ ਗੁਰਬਾਣੀ ਰਾਹੀਂ ਸਿੱਖਿਆ ਦਿੱਤੀ ਹੈ ਕਿ ਅਸੀਂ ਉਸ ਨੂੰ ਮਾੜਾ ਕਿਵੇਂ ਕਹਿ ਸਕਦੇ ਹਾਂ ਜਿਸ ਨੇ ਰਾਜਿਆਂ ਨੂੰ ਜਨਮ ਦਿੱਤਾ ਹੈ।

ਉਹਨਾਂ ਕਿਹਾ ਕਿ ਲੋੜ ਹੈ ਸੂਬਾ ਤੇ ਕੇਂਦਰ ਸਰਕਾਰ ਬੇਟੀਆਂ ਦੀ ਸੁਰੱਖਿਆ ਅਤੇ ਹਰ ਖੇਤਰ ਵਿੱਚ ਬਿਹਤਰ ਵਾਤਾਵਰਨ ਦੇਣ ਲਈ ਲੋੜੀਂਦੇ ਕਦਮ ਚੁੱਕੇ ਤਾਂ ਕਿ ਬੇਟੀਆਂ ਅਤੇ ਬੇਟੀਆਂ ਦੇ ਦੇ ਜਨਮ 'ਤੇ ਪਾਇਆ ਜਾ ਰਿਹਾ ਭੇਦਭਾਵ ਖ਼ਤਮ ਕਰਕੇ ਸੋਹਣੇ ਸਮਾਜ ਦੀ ਸਿਰ-ਜਣਾ ਕਰ ਸਕੀਏ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਰਾਮ ਰਾਜ ਦੀ ਉਡੀਕ ਵਿੱਚ



-ਗੁਰਮੀਤ ਸਿੰਘ ਪਲਾਹੀ-

ਨਿਊਯਾਰਕ ਅਖ਼ਬਾਰ ਵਿੱਚ ਭਾਰਤੀ ਅਦਾਲਤਾਂ ਬਾਰੇ ਇੱਕ ਰਿਪੋਰਟ ਛਪੀ ਹੈ, ਉਹ ਵੀ ਪਹਿਲੇ ਸਫ਼ੇ ਉਤੇ। ਰਿਪੋਰਟ ਅਨੁਸਾਰ 5 ਕਰੋੜ ਮੁਕੱਦਮੇ ਭਾਰਤੀ ਅਦਾਲਤਾਂ ਵਿੱਚ ਲਟਕੇ ਪਏ ਹਨ। ਇਹਨਾ ਵਿਚੋਂ ਕਈ ਮੁਕੱਦਮੇ ਦਹਾਕਿਆਂ ਤੋਂ ਉਪਰਲੀ ਤੋਂ ਹੇਠਲੀਆਂ ਅਦਾਲਤਾਂ ਵਿੱਚ ਫਾਈਲਾਂ 'ਚ ਧੂੜ ਫੱਕ ਰਹੇ ਹਨ। ਭਾਵ ਡਿਜੀਟਲ ਭਾਰਤ ਵਿੱਚ ਇਨਸਾਫ ਅੱਜ ਵੀ ਬਲਦਾਂ ਦੇ ਗੱਡੇ ਦੀ ਤੋਰੇ ਤੁਰ ਰਿਹਾ ਹੈ।

ਸੁਣਕੇ ਹੈਰਾਨੀ ਨਹੀਂ ਹੋਣੀ ਚਾਹੀਦੀ ਕਿ ਦੇਸ਼ ਦੀਆਂ ਜੇਲ੍ਹਾਂ ਵਿੱਚ 80 ਫੀਸਦੀ ਲੋਕ ਇਹੋ ਜਿਹੇ ਹਨ, ਜਿਹੜੇ ਹਾਲੇ ਤੱਕ ਦੋਸ਼ੀ ਨਹੀਂ ਪਾਏ ਗਏ , ਉਹਨਾ 'ਤੇ ਮੁਕੱਦਮੇ ਚਲ ਰਹੇ ਹਨ। ਬਸ ਤਾਰੀਖਾਂ ਪੈ ਰਹੀਆਂ ਹਨ ਜਾਂ ਮੁਕੱਦਮਿਆਂ 'ਤੇ ਜੂੰ ਦੀ ਤੋਰੇ ਸੁਣਵਾਈ ਹੋ ਰਹੀ ਹੈ।

ਇੱਕ ਅੰਦਾਜ਼ਾ ਹੈ ਕਿ ਜੇਕਰ ਇਨਸਾਫ ਦੀ ਤੋਰ ਇਹੋ ਰਹੀ ਤਾਂ ਇਹਨਾ ਕੇਸਾਂ ਦੇ ਨਿਪਟਾਰੇ ਲਈ ਤਿੰਨ ਸੌ ਸਾਲ ਲੱਗ ਜਾਣਗੇ। ਕਾਰਨ ਇਹ ਹੈ ਕਿ ਜਿਥੇ ਅਮਰੀਕਾ ਵਿੱਚ 10 ਲੱਖ ਲੋਕਾਂ ਲਈ 150 ਜੱਜ ਹੁੰਦੇ ਹਨ, ਉਥੇ ਭਾਰਤ ਵਿੱਚ ਇੰਨੀ ਆਬਾਦੀ ਲਈ ਕੇਵਲ 21 ਜੱਜ ਹਨ। ਉਂਜ ਵੀ ਭਾਰਤੀ ਅਦਾਲਤਾਂ ਤੱਕ ਪਹੁੰਚਣਾ ਅਤੇ ਕੇਸ ਚਲਾਈ ਰੱਖਣਾ ਮਹਿੰਗਾ ਹੈ। ਆਮ ਆਦਮੀ ਦੇ ਬੱਸ 'ਚ ਤਾਂ ਹੈ ਹੀ ਨਹੀਂ ਹੈ।

ਇਥੇ ਇੱਕ ਸਮੱਸਿਆ ਇਹ ਵੀ ਹੈ ਕਿ ਅਦਾਲਤਾਂ ਵਿੱਚ ਅੱਧੇ ਤੋਂ ਜ਼ਿਆਦਾ ਮੁਕੱਦਮੇ ਸਰਕਾਰਾਂ ਵਲੋਂ ਲਿਆਂਦੇ ਜਾਂਦੇ ਹਨ। ਕਈ ਤਾਂ ਇੰਨੇ ਮਾਮੂਲੀ ਹੁੰਦੇ ਹਨ ਕਿ ਇਹ ਅਦਾਲਤਾਂ 'ਚ ਲਿਆਉਣ ਯੋਗ ਹੀ ਨਹੀਂ ਹੁੰਦੇ। ਤੀਹ ਸਾਲ ਪਹਿਲਾਂ ਅਦਾਲਤਾਂ 'ਚ ਕੇਸਾਂ ਦੀ ਪ੍ਰਕਿਰਿਆ ਸੌਖੀ ਬਨਾਉਣ ਲਈ ਇੱਕ ਰਿਪੋਰਟ ਮਾਹਰਾਂ ਵਲੋਂ ਤਿਆਰ ਕੀਤੀ ਗਈ ਸੀ, ਪਰ ਇਹਨਾ ਸਾਲਾਂ 'ਚ ਕਈ ਪ੍ਰਧਾਨ ਮੰਤਰੀ ਆਏ, ਕਈ ਚਲੇ ਗਏ, ਇਹ ਰਿਪੋਰਟ ਫਾਈਲਾਂ 'ਚ ਹੀ ਪਈ ਹੈ। ਕਿਸੇ ਵੀ ਇਸਦੀ ਪ੍ਰਵਾਹ ਨਹੀਂ ਕੀਤੀ। ਨਾ ਕਿਸੇ ਸਰਕਾਰ ਨੇ, ਨਾ ਕਿਸੇ ਪ੍ਰਧਾਨ ਮੰਤਰੀ ਨੇ।

ਵੇਖੋ ਨਾ ਇਨਸਾਫ ਦੇ ਪੁੰਜ ਰਾਮ ਜੀ ਦਾ ਰਾਮ ਮੰਦਰ ਬਣ ਗਿਆ ਹੈ। ਮਸਜਿਦ ਢਾਅ ਕੇ ਇਹ ਮੰਦਰ ਉਸਾਰਿਆ ਜਾ ਰਿਹਾ ਹੈ । ਹਾਲੇ ਇਹ ਮੰਦਰ ਪੂਰੀ ਤਰ੍ਹਾਂ ਤਿਆਰ ਹੀ ਨਹੀਂ ਹੋਇਆ, ਪਰ ਪ੍ਰਾਣ ਪ੍ਰਤਿਸ਼ਠਾ ਅਯੋਧਿਆ ਮੰਦਰ 'ਚ ਜਲਦੀ ਕਰਾਉਣ ਦੀ ਭਾਜਪਾ ਸਰਕਾਰ ਦੀ ਮਜ਼ਬੂਰੀ ਬਣ ਗਈ, ਕਿਉਂਕਿ ਲੋਕ ਸਭਾ ਚੋਣਾਂ ਅਪ੍ਰੈਲ-ਮਈ 2024 'ਚ ਹਨ। ਤੇ ਭਾਜਪਾ ਰਾਮ ਮੰਦਰ ਦਾ ਲਾਹਾ ਲੈਣਾ ਚਾਹੁੰਦੀ ਹੈ।

ਪ੍ਰਾਣ ਪ੍ਰਤਿਸ਼ਠਾ ਸਮਾਗਮ 'ਤੇ ਖੁਸ਼ੀਆਂ ਮਨਾਈਆਂ ਗਈਆਂ ਹਨ। ਪ੍ਰਧਾਨ ਮੰਤਰੀ ਜੀ ਅਯੋਧਿਆ ਮੰਦਰ 'ਚ ਮੁੱਖ ਯਜਮਾਨ ਬਣਕੇ ਗਏ, ਰਾਮ ਜੀ ਦੀ ਮੂਰਤੀ ਸਥਾਪਨਾ ਕੀਤੀ ਗਈ ਹੈ। ਉਸ 'ਚ ਪ੍ਰਾਣ ਪਾਏ ਗਏ। ਭਗਤੀ-ਭਾਵ ਦੇਸ਼ ਦੇ ਲੋਕਾਂ 'ਚ ਪਾਇਆ ਜਾ ਰਿਹਾ ਹੈ। ਜਿਹੜਾ ਕੁਝ ਸਮਾਂ ਚੱਲੇਗਾ। ਫਿਰ ਆਮ ਆਦਮੀ ਨੂੰ ਰੋਟੀ ਦੀ, ਇਨਸਾਫ ਦੀ, ਕੱਪੜੇ ਦੀ, ਮਕਾਨ ਦੀ, ਰੁਜ਼ਗਾਰ ਦੀ, ਦਵਾ-ਦਾਰੂ ਦੀ ਯਾਦ ਆਏਗੀ। ਬੇਹਾਲ ਜੀਵਨ ਦੀਆਂ ਅਸਲੀ ਸਮੱਸਿਆਵਾਂ ਉਸ ਅੱਗੇ ਮੂੰਹ ਅੱਡੀ ਖੜੀਆਂ ਹੋਣਗੀਆਂ। ਉਹ ਉਡੀਕ ਕਰੇਗਾ ਰਾਮ ਰਾਜ ਦੀ?

ਚਲੋ ਬਹੁਤਾ ਕੁਝ ਤਾਂ ਉਹ ਕਲਪਿਤ ਨਹੀਂ ਕਰ ਸਕਦਾ, ਪਰ ਬੱਚਿਆਂ ਦੇ ਭਵਿੱਖ ਲਈ, ਆਸ-ਪਾਸ ਦੀਆਂ ਗੰਦੀਆਂ ਗਲੀਆਂ, ਸੜਦੇ ਕੂੜੇ ਦੇ ਢੇਰਾਂ, ਗੰਦੀਆਂ ਨਾਲੀਆਂ ਤੋਂ ਨਿਯਾਤ ਪਾਉਣ ਦੀ "ਰਾਮ ਰਾਜੀ" ਕਲਪਨਾ ਤਾਂ ਉਹ ਕਰ ਹੀ ਸਕਦਾ ਹੈ। ਇਨਸਾਫ ਦੀ ਉਹ ਤਵੱਕੋ ਤਾਂ ਕਰ ਹੀ ਸਕਦਾ ਹੈ, ਜਿਹੜਾ ਰਾਮ ਰਾਜ ਦਾ ਮੂਲ ਅਧਾਰ ਗਿਣਿਆ ਜਾਂਦਾ ਹੈ।

ਆਓ ਰਤਾ ਕੁ ਝਾਤ ਮਾਰੀਏ ਦੇਸ਼ ਦੀ ਹਾਲਤ 'ਤੇ। ਦੇਸ਼ ਦੀ ਕੁਲ ਆਬਾਦੀ 145 ਕਰੋੜ ਤੋਂ ਟੱਪ ਗਈ ਹੈ। ਸਾਡਾ ਦੇਸ਼ ਚੀਨ ਨੂੰ ਪਛਾੜਕੇ ਦੁਨੀਆ ਦੀ ਸਭ ਤੋਂ ਵੱਡੀ ਆਬਾਦੀ ਬਣ ਗਿਆ ਹੈ। ਦੇਸ਼ ਦੇ ਹਾਕਮਾਂ ਅਨੁਸਾਰ ਦੇਸ਼ ਸੁਖ-ਸੰਪਨ, ਵੱਡਾ, ਕੱਦਵਾਰ, ਵਿਸ਼ਵ ਗੁਰੂ, ਦੁਨੀਆ ਦੀ ਉਪਰਲੀ ਆਰਥਿਕਤਾ ਬਨਣ ਜਾ ਰਿਹਾ ਹੈ। ਪਰ ਨਵੇਂ ਅੰਕੜੇ ਕਹਿੰਦੇ ਹਨ ਕਿ ਸਾਡਾ ਵਿਦੇਸ਼ੀ ਮੁਦਰਾ ਭੰਡਾਰ ਇਸ ਵਰ੍ਹੇ ਪਿਛਲੇ ਵਰ੍ਹੇ ਤੋਂ 5.89 ਅਰਬ ਡਾਲਰ ਘੱਟ ਗਿਆ ਹੈ ਅਤੇ ਹੁਣ 617.3 ਅਰਬ ਡਾਲਰ ਰਹਿ ਗਿਆ ਹੈ। ਸਾਡੇ ਦੇਸ਼ ਦੀ ਵਿਕਾਸ ਦਰ ਇਸ ਵੇਲੇ 6.9 ਤੋਂ 7.2 ਫੀਸਦੀ ਰਹਿ ਗਈ ਹੈ। ਜਦਕਿ ਲੋੜ ਦੇਸ਼ ਦੀ ਵਿਕਾਸ ਦਰ 8 ਫੀਸਦੀ ਤੋਂ ਉਪਰ ਦੀ ਹੈ, ਜੇਕਰ ਦੇਸ਼ ਨੇ ਅਗਲੇ ਵਰ੍ਹਿਆਂ 'ਚ ਵੱਡੀ ਆਰਥਿਕਤਾ ਬਨਣਾ ਹੈ।

ਦੇਸ਼ ਦਾ ਪ੍ਰੈੱਸ ਕੂਕ ਰਿਹਾ ਹੈ ਕਿ ਖੁਸ਼ਹਾਲ ਭਾਰਤ ਦੇ ਲੋਕਾਂ ਦੀ ਸਲਾਨਾ ਆਮਦਨ 8,40,000 ਰੁਪਏ(ਭਾਵ 10,000 ਅਮਰੀਕੀ ਡਾਲਰ) ਹੈ। ਕੀ ਇਹ ਭਰਮ ਨਹੀਂ ਹੈ? ਦੇਸ਼ ਦੇ ਸਿਰਫ 7 ਫੀਸਦੀ ਲੋਕਾਂ ਦੀ ਆਮਦਨ ਦੇ ਦਮਗਜੇ ਮਾਰਕੇ 93 ਫੀਸਦੀ ਲੋਕਾਂ ਨੂੰ ਭੁਲਿਆ ਅਤੇ ਰੋਲਿਆ ਜਾ ਰਿਹਾ ਹੈ। ਕਿਉਂ ਨਹੀਂ ਇਹ ਮੰਨਿਆ ਜਾ ਰਿਹਾ ਹੈ ਕਿ 75 ਵਰ੍ਹੇ ਆਜ਼ਾਦੀ ਦੇ ਪੂਰੇ ਹੋਣ ਦੇ ਬਾਵਜੂਦ ਵੀ 82 ਕਰੋੜ ਲੋਕਾਂ ਨੂੰ ਮੁਫ਼ਤ ਭੋਜਨ ਸਰਕਾਰ ਮੁਹੱਈਆ ਕਰ ਰਹੀ ਹੈ।

ਖੁਸ਼ਹਾਲ ਲੋਕ ਦੇਸ਼ ਦੇ ਸਿਰਫ 7 ਕਰੋੜ ਲੋਕ ਹਨ। ਇਹਨਾ ਤੋਂ ਤਿੰਨ ਗੁਣਾ ਭਾਰਤੀਆਂ (22.8 ਕਰੋੜ) ਦੀ ਹਾਲਤ ਤਰਸਯੋਗ ਹੈ। ਮਗਨਰੇਗਾ ਦੇ ਅਧੀਨ 15.4 ਕਰੋੜ ਲੋਕ ਕੰਮ ਕਰਦੇ ਹਨ, ਇਹਨਾ ਨੂੰ 100 ਦਿਨ ਹਰ ਸਾਲ ਕੰਮ ਦੇਣ ਦਾ ਸਰਕਾਰ ਦਾ ਵਾਇਦਾ ਸੀ, ਪਰ ਪਿਛਲੇ ਪੰਜ ਸਾਲਾਂ ਦੌਰਾਨ ਇਹਨਾ ਨੂੰ ਸਿਰਫ 49 ਤੋਂ 51 ਦਿਨ ਪ੍ਰਤੀ ਸਾਲ ਕੰਮ ਮਿਲਿਆ। ਦੇਸ਼ ਵਿੱਚ 10.47 ਕਰੋੜ ਕਿਸਾਨਾਂ ਕੋਲ ਇੱਕ ਤੋਂ ਦੋ ਏਕੜ ਜ਼ਮੀਨ ਹੈ। ਉਹ ਇਸੇ ਜ਼ਮੀਨ 'ਤੇ ਖੇਤੀ ਕਰਦੇ ਹਨ। ਉਹਨਾ ਦਾ ਟੱਬਰਾਂ ਦਾ ਗੁਜ਼ਾਰਾ ਇਸ ਜ਼ਮੀਨ ਨਾਲ ਨਹੀਂ ਹੋ ਸਕਿਆ। ਉਹਨਾ ਵਿਚੋਂ ਵੱਡੀ ਗਿਣਤੀ ਖੇਤੀ ਛੱਡ ਗਏ। ਸਾਲ 2023 ਦੀ 15 ਨਵੰਬਰ ਦੀ ਰਿਪੋਰਟ ਅਨੁਸਾਰ ਇਹਨਾ ਕਿਸਾਨਾਂ ਦੀ ਗਿਣਤੀ 8.12 ਕਰੋੜ ਰਹਿ ਗਈ। ਇਹਨਾ ਲੋਕਾਂ ਨੂੰ ਹੀ 6000 ਰੁਪਏ ਸਲਾਨਾ ਸਹਾਇਤਾ ਕੇਂਦਰ ਸਰਕਾਰ ਨੇ ਦਿੱਤੀ ਹੈ।

ਵੱਡੀ ਗਿਣਤੀ ਮਜ਼ਦੂਰ ਜੋ ਖੇਤੀ ਮਜ਼ਦੂਰ ਹਨ, ਉਹ ਲੋਕ ਜੋ ਸੜਕ ਦੇ ਲੋਕ ਹਨ, ਪੁਲਾਂ ਦੇ ਥੱਲੇ ਜਾਂ ਫੁਟਪਾਥ 'ਤੇ ਸੌਂਦੇ ਹਨ, ਉਹ ਲੋਕ ਜੋ ਸੀਵਰੇਜ ਸਾਫ ਕਰਦੇ ਹਨ, ਜੁੱਤੇ ਮੁਰੰਮਤ ਕਰਦੇ ਹਨ, ਜੋ ਘਰੇਲੂ ਨੌਕਰ ਹਨ, ਉਹਨਾ ਦੀ ਸਥਿਤੀ ਕੀ ਕਿਸੇ ਸਰਕਾਰ ਨੇ ਕਦੇ ਪਰਖੀ ਹੈ? ਇਹਨਾ ਲੋਕਾਂ ਲਈ ਕਿਹੜੀ ਸਰਕਾਰੀ ਸਹਾਇਤਾ ਹੈ?ਕਿਹੜੀਆਂ ਸੁੱਖ ਸੁਵਿਧਾਵਾਂ ਜਾਂ ਸਰਕਾਰੀ ਸਹੂਲਤਾਂ ਹਨ ਇਹਨਾ ਲਈ?

ਸਰਕਾਰ ਨਿੱਤ ਦੁਹਾੜੇ ਵਾਇਦੇ ਕਰਦੀ ਹੈ। ਸਭ ਲਈ ਸਭ ਕੁਝ ਸਭ ਲਈ ਰੁਜ਼ਗਾਰ, ਸਭ ਲਈ ਸਿੱਖਿਆ, ਸਭ ਲਈ ਭੋਜਨ, ਸਭ ਲਈ ਮਕਾਨ। ਦੇਸ਼ 'ਚ ਅਸਲੀਅਤ ਕੀ ਹੈ? ਕੀ ਸਰਕਾਰ ਆਮ ਲੋਕਾਂ ਨੂੰ "ਭੇਟ " ਕੀਤੀਆਂ ਸਕੀਮਾਂ ਦੀ ਦੁਰਦਸ਼ਾ ਤੋਂ ਜਾਣੂ ਨਹੀਂ ? ਕੀ ਸਰਕਾਰ ਦੇਸ਼ 'ਚ ਫੈਲੇ ਭ੍ਰਿਸ਼ਟਾਚਾਰ ਨੂੰ ਨਹੀਂ ਸਮਝਦੀ? ਕੀ ਸਰਕਾਰ ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਕੱਚ-ਸੱਚ ਨਹੀਂ ਸਮਝਦੀ? ਹੁਣੇ ਜਿਹੇ ਹੋਏ ਇੱਕ ਸਰਵੇਖਣ ਅਨੁਸਾਰ ਪਤਾ ਚਲਿਆ ਹੈ ਕਿ ਦੇਸ਼ ਦੀ ਆਮ ਜਨਤਾ ਅਪਰਾਧੀਕਰਨ ਅਤੇ ਭ੍ਰਿਸ਼ਟਾਚਾਰ ਤੋਂ ਵੀ ਜ਼ਿਆਦਾ ਪ੍ਰੇਸ਼ਾਨ ਬੇਰੁਜ਼ਗਾਰੀ ਤੇ ਮਹਿੰਗਾਈ ਤੋਂ ਹੈ। ਸਰਵੇ ਅਨੁਸਾਰ ਬੇਰੁਜ਼ਗਾਰੀ ਦੀ ਦਰ ਇਸ ਵੇਲੇ 10 ਫੀਸਦੀ ਤੋਂ ਉਪਰ ਚੱਲ ਰਹੀ ਹੈ।

ਸਕੂਲਾਂ 'ਚ ਦਾਖਲਾ ਲੈਣ ਵਾਲੇ ਆਮ ਆਦਮੀ ਦੇ ਬੱਚੇ ਵਿੱਚ -ਵਿਚਾਲੇ ਪੜ੍ਹਾਈ ਛੱਡ ਜਾਂਦੇ ਹਨ। ਇਸਦਾ ਕਾਰਨ ਪਰਿਵਾਰ ਦੀ ਆਰਥਿਕ ਹਾਲਤ ਠੀਕ ਨਾ ਹੋਣਾ ਹੈ। ਆਮ ਆਦਮੀ ਦੇ ਬੱਚੇ ਕੁਪੋਸ਼ਨ ਦਾ ਸ਼ਿਕਾਰ ਹਨ। ਵੱਡੀ ਗਿਣਤੀ ਉਮਰ ਦੇ 5 ਸਾਲ ਪੂਰੇ ਹੋਣ ਤੋਂ ਪਹਿਲਾਂ ਹੀ ਆਪਣੀ ਜੀਵਨ ਯਾਤਰਾ ਪੂਰੀ ਕਰ ਰਹੇ ਹਨ। ਆਯੂਸ਼ਮਾਨ ਕਾਰਡ ਉਹਨਾ ਦੇ ਹੱਥ ਹੀ ਨਹੀਂ ਆਉਂਦੇ? ਨਾ ਬੱਚਿਆਂ ਦੇ, ਨਾ ਬੁੱਢਿਆਂ ਦੇ, ਨਾ ਗਰਭਵਤੀ ਔਰਤਾਂ ਦੇ, ਜੋ ਪਿੰਡਾਂ 'ਚ ਆਪੇ ਬੱਚੇ ਜਣ ਦਿੰਦੀਆਂ ਹਨ। ਪ੍ਰਵਾਸ ਅੱਜ ਭਾਰਤੀਆਂ ਦੇ ਜੀਵਨ ਦਾ ਅੰਗ ਬਣ ਚੁੱਕਾ ਹੈ, ਕੁਝ ਲੋਕ ਦੇਸ਼ 'ਚ ਪ੍ਰਵਾਸ ਕਰਦੇ ਹਨ, ਕੁਝ ਪ੍ਰਦੇਸ਼ 'ਚ ਪ੍ਰਵਾਸ ਕਰਨ ਲਈ ਮਜ਼ਬੂਰ ਹਨ। ਕਾਰਨ ਆਰਥਿਕ ਮੰਦਹਾਲੀ ਹੈ। ਤਾਂ ਫਿਰ ਖੁਸ਼ਹਾਲ ਭਾਰਤ ਕਿਥੇ ਹੈ?

ਰਾਮ ਰਾਜ ਦੀ ਮੂਲ ਕਥਾ ਕੀ ਹੈ? ਸਭ ਲਈ ਇਕੋ ਜਿਹਾ ਰਾਜ! ਸਭ ਲਈ ਇਨਸਾਫ । ਸਭ ਲਈ ਰੋਟੀ, ਕੱਪੜਾ ਅਤੇ ਮਕਾਨ। ਪਰ ਅੱਜ ਸਿਆਸੀ ਧਿਰਾਂ ਗਰੀਬੀ ਹਟਾਓ ਦੀ ਗਲ ਕਰਦੀਆਂ ਹਨ। ਸਭ ਦੇ ਵਿਕਾਸ ਦੇ ਨਾਹਰੇ ਲਗਾਉਂਦੀਆਂ ਹਨ । ਪਰ ਕੋਈ ਵੀ ਦੇਸ਼ ਕੀ ਉਦੋਂ ਤੱਕ ਵਿਕਾਸ ਕਰ ਸਕਦਾ ਹੈ, ਜਦ ਤੱਕ ਉਸ ਦੇਸ਼ ਦੇ ਲੋਕ ਸਿਖਿਅਤ ਨਾ ਹੋਣ, ਜਿਥੇ ਰੁਜ਼ਗਾਰ ਦੇ ਮੌਕੇ ਨਾ ਹੋਣ ਜਿਥੇ ਇਨਸਾਫ, ਰਾਜ ਦਾ ਮੁੱਖ ਧੁਰਾ ਨਾ ਹੋਵੇ।

ਅੱਜ ਦੇਸ਼ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਭਟਕਾਉਣ ਲਈ ਸਾਡੇ ਨੇਤਾ ਮਸਜਿਦ-ਮੰਦਰ ਦੇ ਝਗੜੇ ਛੇੜ ਰਹੇ ਹਨ। ਫਿਰਕੂ ਦੰਗੇ ਕਰਵਾਉਂਦੇ ਹਨ। ਇੱਕ ਪਾਸੇ ਉਹ ਲੋਕ ਹਨ ਜੋ 2024 ਦੀਆਂ ਚੋਣਾਂ ਲਈ ਅਯੋਧਿਆ ਰਾਮ ਮੰਦਰ ਦੀ ਵਿਸਾਤ ਵਿਛਾਕੇ ਬੈਠੇ ਹਨ ਅਤੇ ਉਸਤੋਂ ਬਾਅਦ ਮਥੁਰਾ ਅਤੇ ਕਾਸ਼ੀ ਵਿਚੋਂ ਮਸਜਿਦਾਂ ਹਟਾਕੇ ਸੁੰਦਰ ਮੰਦਰ ਸਥਾਪਿਤ ਕਰਨ ਦੀ ਗੱਲ ਕਰਦੇ ਹਨ, ਦੂਜੇ ਪਾਸੇ ਉਹ ਲੋਕ ਹਨ ਜੋ ਜਾਤੀਆਂ ਦੇ ਨਾਮ ਤੇ ਮਰਦਮ ਸ਼ੁਮਾਰੀ ਕਰਾਕੇ ਲੋਕਾਂ ਨੂੰ ਇਕ ਧਿਰ ਬਣਾ ਰਹੇ ਹਨ, ਤਾਂ ਕਿ ਉਹ ਆਪਸੀ ਵਿਰੋਧ 'ਚ ਖੜ ਜਾਣ। ਉਹ ਨੇਤਾਵਾਂ ਦੀ ਅਸਲੀਅਤ ਨਾ ਸਮਝ ਸਕਣ।

ਦੇਸ਼ ਦੇ ਕੁਝ ਨੇਤਾ "ਇਨਸਾਫ ਯਾਤਰਾ" ਤੇ ਹਨ। ਉਹ ਮੁਹੱਬਤ ਦੀ ਦੁਕਾਨ ਚਲਾਉਣ ਦੀ ਗੱਲ ਵੀ ਕਰਦੇ ਹਨ। ਉਹ ਇਸ ਤੋਂ ਵੀ ਵੱਡੀਆਂ ਗੱਲਾਂ ਕਰਦੇ ਹਨ। ਪਰ ਕੀ ਕਦੇ ਉਹਨਾ ਦੇ ਮੂੰਹੋਂ ਦੇਸ਼ ਦੀ ਨਿਆ ਪ੍ਰਣਾਲੀ 'ਚ ਸੁਧਾਰ ਦੀ ਗੱਲ ਸੁਣੀ ਹੈ ਕਿਸੇ ਨੇ? ਕੀ ਉਹਨਾ ਦੇ ਮੂੰਹੋਂ ਕਦੇ ਦੇਸ਼ ਦੇ ਲੋਕਾਂ ਦੇ ਗਰੀਬੀ ਦੇ ਇਸ ਵਿਸ਼ਾਲ ਚੱਕਰ 'ਚ ਫਸਾਉਣ ਲਈ ਆਖ਼ਰ ਜ਼ੁੰਮੇਵਾਰ ਕੌਣ ਹਨ, ਦੀ ਗੱਲ ਸੁਣੀ ਹੈ ਕਦੇ ਕਿਸੇ ਨੇ?

ਦੇਸ਼ 'ਚ ਸੜਕਾਂ ਦਾ ਜਾਲ ਵਿਛ ਰਿਹਾ ਹੈ। ਦੇਸ਼ ਡਿਜੀਟਲ ਇੰਡੀਆ ਬਣ ਰਿਹਾ ਹੈ। ਦੇਸ਼ ਦਾ ਨਿੱਜੀਕਰਨ ਹੋ ਰਿਹਾ ਹੈ। ਦੇਸ਼ ਆਪਣੇ ਮੂੰਹ ਮੀਆਂ ਮਿੱਠੂ ਬਣਕੇ "ਦੁਨੀਆਂ ਦੀ ਸਭ ਤੋਂ ਵੱਡੀ ਆਰਥਿਕਤਾ ਬਨਣ ਦੀਆਂ ਫੜਾਂ ਮਾਰ ਰਿਹਾ ਹੈ। ਪਰ ਨਾਲ ਦੀ ਨਾਲ ਦੇਸ਼ ਦੇ ਹਾਕਮ ਦੇਸ਼ ਨੂੰ ਧਰਮ ਅਤੇ ਅਤਿ-ਰਾਸ਼ਟਰਵਾਦ ਦਾ ਮਿਸ਼ਰਣ ਬਨਾਉਣ 'ਤੇ ਤੁਲੇ ਹੋਏ ਹਨ।

ਦੇਸ਼ ਵਿੱਚ ਜੋ ਸਥਿਤੀਆਂ ਹਨ, ਉਸਨੂੰ ਸਵੀਕਾਰੇ ਬਿਨ੍ਹਾਂ ਸੁਪਨਮਈ ਮਾਹੌਲ ਸਿਰਜਿਆ ਜਾ ਰਿਹਾ ਹੈ। ਲੋੜ ਸੱਚ ਨੂੰ ਸਵੀਕਾਰ ਕਰਨ ਦੀ ਹੈ। ਜਦੋਂ ਤੱਕ ਦੇਸ਼ 'ਚ ਬੇਕਾਰੀ ਅਤੇ ਮਹਿੰਗਾਈ ਵਧਦੀ ਰਹੇਗੀ, ਰੁਪਏ ਦੀ ਕੀਮਤ ਡਿਗਦੀ ਰਹੇਗੀ, ਉਦੋਂ ਤੱਕ ਆਰਥਿਕ ਵਾਧੇ ਦੇ ਉਹਨਾ ਅੰਕੜਿਆਂ ਵਿੱਚ ਆਮ ਆਦਮੀ ਆਪਣਾ ਭਲਾ ਹੁੰਦਾ ਹੋਇਆ ਮਹਿਸੂਸ ਨਹੀਂ ਕਰੇਗਾ।

ਅੱਜ ਦੇਸ਼ ਨੂੰ ਸਮਾਜਿਕ ਅਤੇ ਆਰਥਿਕ ਲੋਕਤੰਤਰ ਦੇ ਵਿਚਾਰ ਤੋਂ ਦੂਰ ਕੀਤਾ ਜਾ ਰਿਹਾ ਹੈ, ਪਰ ਦੇਸ਼ ਦੇ 93 ਫੀਸਦੀ ਲੋਕ ਰਾਮ ਰਾਜ ਦੀ ਉਡੀਕ 'ਚ ਹਨ।

# ਹਾਰਟ ਅਟੈਕ ਦੇ ਕਾਰਨ ਤੇ ਬਚਾਅ

-ਡਾਕਟਰ ਅਜੀਤਪਾਲ ਸਿੰਘ ਐਮ ਡੀ-



ਸਾਡੇ ਸੱਭਿਆਚਾਰ ਅਤੇ ਸਾਸ਼ਤਰਾਂ ਵਿੱਚ ਸੁਖੀ ਜੀਵਨ ਨੂੰ ਪ੍ਰਮੁੱਖ ਸੁੱਖ ਮੰਨਿਆ ਗਿਆ ਹੈ ਪਰ ਆਧੁਨਿਕ ਜੀਵਨ ਸ਼ੈਲੀ ਨੇ ਸਾਡੀ ਸਿਹਤ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਮਾਨਸਿਕ ਤਣਾਅ,ਵਿਗੜਦਾ ਆਹਾਰ-ਵਿਹਾਰ,ਆਰਾਮਪ੍ਰਸਤੀ,ਤੰਬਾਕੂਨੋਸ਼ੀ,ਸ਼ਰਾਬ ਦੀ ਅੰਨੀ ਵਰਤੋਂ ਆਦਿ ਨੇ ਮਨੁੱਖ ਨੂੰ ਰੋਗਾਂ ਦਾ ਘਰ ਬਣਾ ਕੇ ਰੱਖ ਦਿੱਤਾ ਹੈ ਦਿਲ ਦੇ ਵਧਦੇ ਰੋਗਾਂ ਨੂੰ ਅੱਜ ਕੱਲ ਦੇ ਜੀਵਨ ਸ਼ੈਲੀ ਤੇ ਮੁੜ ਵਿਚਾਰ ਕਰਨ ਲਈ ਮਜਬੂਰ ਕਰ ਦਿੱਤਾ ਹੈ।

ਦਿਲ ਅਤੇ ਦਿਲ ਦਾ ਰੋਗ :

ਆਧੁਨਿਕ ਡਾਕਟਰੀ ਵਿਗਿਆਨ ਚ ਦਿਲ ਤੇ ਦਿਲ ਵੱਲੋਂ ਸਰੀਰ ਨੂੰ ਖੂਨ ਸਪਲਾਈ ਦੇ ਤਾਣੇਬਾਣੇ ਨੂੰ ਇੱਕ ਮੁੱਖ ਅੰਗ ਵਜੋਂ ਦਰਜ ਕੀਤਾ ਗਿਆ ਹੈ ਸਾਡੇ ਸਰੀਰ ਚ ਦਿਲ ਦੋਨੋਂ ਫੇਫੜਿਆਂ ਦੇ ਦਰਮਿਆਨ ਡਾਇਫਰਾਮ ਉੱਪਰ ਸਥਿਤ ਹੁੰਦਾ ਹੈ।

ਕੀ ਹੈ ਦਿਲ ਦਾ ਦੌਰਾ ਜਾਂ ਹਾਰਟ ਅਟੈਕ :

ਸ਼ਰੀਰ ਦੇ ਹਰੇਕ ਅੰਗ ਨੂੰ ਆਪਣੇ ਆਪਣੇ ਕੰਮ ਕਰਨ ਲਈ ਗੁਲੂਕੋਜ਼ ਤੇ ਆਕਸੀਜਨ ਦੀ ਲੋੜ ਹੁੰਦੀ ਹੈ ਇਹ ਗੁਲੂਕੋਜ਼ ਤੇ ਆਕਸੀਜਨ ਅੰਗਾਂ ਨੂੰ ਖੂਨ ਦੇ ਮਾਧਿਅਮ ਨਾਲ ਹਾਸਲ ਹੁੰਦੀ ਰਹਿੰਦੀ ਹੈ ਤੇ ਇਸ ਤਰ੍ਹਾਂ ਸਰੀਰ ਦਾ ਕੋਈ ਵੀ ਅੰਗ ਨਿਰਵਿਘਨ ਆਪਣੀਆਂ ਜੈਵਿਕ ਕਿਰਿਆਵਾਂ ਨੂੰ ਪੂਰਾ ਕਰਦਾ ਰਹਿੰਦਾ ਹੈ ਪਰ ਜਦ ਕਿਸੇ ਕਾਰਨ ਕਿਸੇ ਅੰਗ ਵਿਸ਼ੇਸ਼ ਨੂੰ ਖੂਨ ਦੇ ਮਾਧਿਅਮ ਨਾਲ ਹਾਸਲ ਹੋਣ ਵਾਲੀ ਊਰਜਾ (ਗੁਲੂਕੋਜ਼ ਜਾਂ ਆਕਸੀਜਨ) ਦੀ ਸਪਲਾਈ ਚ ਅੜੀਕਾ ਲੱਗਣ ਲੱਗਦਾ ਹੈ ਤਾਂ ਉਹ ਅੰਗ ਰੋਗ ਦੀ ਮਾਰ ਹੇਠ ਆ ਜਾਂਦਾ ਹੈ। ਦਿਲ ਦੇ ਪ੍ਰਸੰਗ ਚ ਇਸ ਨੂੰ ਵਿਸਥਾਰ ਨਾਲ ਸਮਝਣ ਦੀ ਲੋੜ ਹੈ ਵੈਸੇ ਤਾਂ ਸ਼ਰੀਰ ਦੇ ਸਾਰੇ ਅੰਗਾਂ ਨੂੰ ਖੂਨ ਪਹੁੰਚਾਉਣ ਦਾ ਕੰਮ ਦਿਲ ਦਾ ਹੀ ਹੈ ਪਰ ਖੁਦ ਦਿਲ ਨੂੰ ਖੂਨ ਦੀ ਸਪਲਾਈ ਕਾਰਨਰੀ ਧਮਣੀਆਂ ਰਾਹੀਂ ਹੁੰਦੀ ਹੈ। ਉਹ ਆਪਣੇ ਅੰਦਰ ਦੀਆਂ ਕੋਠੜੀਆਂ ਚ ਪਏ ਖੂਨ ਦੀ ਸਿੱਧੀ ਵਰਤੋਂ ਨਹੀਂ ਕਰ ਸਕਦਾ ਜਦ ਇਹਨਾਂ ਕੋਰੋਨਰੀ ਧਮਨੀਆਂ ਚ ਕੋਈ ਅੜਿਕਾ ਆ ਜਾਂਦਾ ਹੈ ਤਾਂ ਦਿਲ ਦੇ ਪੱਠਿਆਂ ਨੂੰ ਖੂਨ ਦੀ ਸਪਲਾਈ ਕਰਨ ਚ ਕਮੀ ਜਾਂ ਘਾਟ ਹੋਣ ਲੱਗਦੀ ਹੈ ਤੇ ਆਕਸੀਜਨ ਦੀ ਘਾਟ ਕਰਕੇ ਉਸ ਨੂੰ ਹਰਜਾ ਪਹੁੰਚਦਾ ਹੈ ਇਸੇ ਨੂੰ ਦਿਲ ਦਾ ਰੋਗ ਜਾਂ ਹਰਟ ਅਟੈਕ ਕਿਹਾ ਜਾਂਦਾ ਹੈ ਇਸ ਨੂੰ ਮਾਇਓਕਾਰਡਾਇਲ ਇਨਫਾਰਕਸ਼ਨ ਵੀ ਕਹਿੰਦੇ ਹਨ ਇਹ ਇੱਕ ਐਮਰਜੈਂਸੀ ਵਾਲੀ ਹਾਲਤ ਹੁੰਦੀ ਹੈ ਹਾਰਟ ਅਟੈਕ (ਦਿਲ ਦੇ ਦੌਰੇ) ਵਾਲੀ ਹਾਲਤ ਚ ਇਲਾਜ ਚ ਦੇਰੀ ਘਾਤਕ ਸਾਬਤ ਦੋ ਸਕਦੀ ਹੈ। ਹਾਰਟ ਅਟੈਕ (ਦਿਲਦੇ ਦੌਰੇ) ਦੇ ਕਾਰਣ :

ਜਿਵੇਂ ਕਿ ਪਹਿਲਾਂ ਹੀ ਸਪਸ਼ਟ ਕੀਤਾ ਗਿਆ ਹੈ ਕਿ ਦਿਲ ਦੇ ਪਠਿਆਂ ਨੂੰ ਨਿਸ਼ਚਿਤ ਰੂਪ ਨਾਲ ਕੰਮ ਕਰਨ ਲਈ ਆਕਸੀਜਨ ਭਰਪੂਰ ਖੂਨ ਦੀ ਸਪਲਾਈ ਨਿਰਵਿਘਨ ਚਾਹੀਦੀ ਹੈ ਜਦ ਇਸ ਬਲੱਡ ਸਪਲਾਈ ਚ ਕੋਈ ਅੜਿਕਾ ਲੱਗਦਾ ਹੈ ਤਾਂ ਖੂਨ ਦੀ ਘਾਟ ਜਾਂ ਉਸ ਦੀ ਕਮੀ ਕਰਕੇ ਦਿਲ ਦੇ ਪਠਿਆਂ ਨੂੰ ਨੁਕਸਾਨ ਪਹੁੰਚਦਾ ਹੈ। ਇਸ ਖੂਨ/ ਆਕਸੀਜਨ ਦੀ ਪੂਰਤੀ ਚ ਕਈ ਕਾਰਨਾਂ ਕਰਕੇ ਅੜਿਕਾ ਲੱਗ ਸਕਦਾ ਹੈ ਜਿਵੇਂ ਕਿ

ਕੋਰੋਨਰੀ ਧਮਣੀਆਂ ਦੇ ਰੋਗ :

ਕਰੋਨਰੀ ਧਮਨੀਆਂ ਦਿਲ ਦੇ ਵੱਖ-ਵੱਖ ਹਿੱਸਿਆਂ ਨੂੰ ਖੂਨ ਦੀ ਸਪਲਾਈ ਕਰਦੀਆਂ ਹਨ ਜਦ ਇਹਨਾਂ ਕੋਰੋਨਰੀ ਧਮਣੀਆਂ ਵਿੱਚ ਕਿਸੇ ਪ੍ਰਕਾਰ ਦਾ ਵਿਗਾੜ ਧਮਣੀਆਂ ਦਾ ਕਠੋਰ ਤੇ ਭੀੜਾ ਹੋਣਾ (ਐਥੀਰੋਸਕਲੀਰੋਸਿਸ),ਧਮਣੀ ਦੇ ਅੰਦਰ ਭੀੜਾਪਣ ਜਾਂ ਅਕੜਾਅ (ਸਪਾਜ਼ਮ) ਹੋਣਾ, ਥੱਕਾ (ਪਲੇਕ) ਜੰਮ ਜਾਣ ਨਾਲ ਦਿਲ ਦੀਆਂ ਮਾਸਪੇਸੀਆਂ ਜਾਂ ਪੱਠਿਆਂ ਨੂੰ ਖੂਨ ਦੀ ਸਪਲਾਈ ਚ ਅੜੀਕਾ ਲੱਗਦਾ ਹੈ। ਖੂਨ ਅਤੇ ਆਕਸੀਜਨ ਦੀ ਘਾਟ ਕਰਕੇ ਦਿਲ ਦੇ ਪੱਠਿਆਂ ਨੂੰ ਹਰਜਾ ਪਹੁੰਚਦਾ ਹੈ ਇਸ ਹਾਲਤ ਨੂੰ ਹਾਰਟ ਅਟੈਕ ਜਾਂ ਮਾਇਓਕਾਰਡੀਅਲ ਇਨਫਾਰਕਸ਼ਨ ਕਿਹਾ ਜਾਂਦਾ ਹੈ

ਸੂਗਰ ਦੀ ਬਿਮਾਰੀ /ਡਾਇਬਟੀਜ :

ਸੂਗਰ ਰੋਗ ਚ ਖੂਨ ਅੰਦਰ ਗੁਲੂਕੋਜ ਦਾ ਪੱਧਰ ਵਧਿਆ ਹੁੰਦਾ ਹੈ,ਜੋ ਸਿਰਫ ਦਿਲ ਦੇ ਨਹੀਂ ਸਗੋਂ ਪੂਰੇ ਸਰੀਰ ਦੇ ਸੈਲਾਂ ਨੂੰ ਨਕਰੋਸਿਸ ਦੇ ਮਾਧਿਅਮ ਰਾਹੀਂ ਨਸ਼ਟ ਕਰਦਾ ਰਹਿੰਦਾ ਹੈ ਇਸ ਲਈ ਦਿਲ ਦੇ ਪੱਠਿਆਂ ਨੂੰ ਵਧੀ ਹੋਈ ਸੂਗਰ ਕਾਰਨ ਹਰਜਾ ਪੁੱਜਦਾ ਹੈ ਅਤੇ ਇਹ ਹਾਰਟ ਅਟੈਕ ਦਾ ਕਾਰਨ ਬਣਦਾ ਹੈ

ਹਾਈ ਬਲੱਡ ਪ੍ਰੈਸ਼ਰ :

ਹਾਈ ਬਲੱਡ ਪ੍ਰੈਸ਼ਰ ਦੀ ਸਥਿਤੀ ਨਾਲ ਧਮਣੀਆਂ ਦੇ ਸਖ਼ਤ ਤੇ ਭੀੜੇ ਹੋਣ ਦਾ ਖਤਰਾ ਵੱਧ ਜਾਂਦਾ ਹੈ,ਖਾਸ ਕਰਕੇ ਕੋਰੋਨਰੀ ਧਮਣੀਆਂ ਵਿੱਚ, ਜਿਸ ਨਾਲ ਦਿਲ ਦੇ ਦੌਰੇ ਦਾ ਡਰ ਵਧ ਜਾਂਦਾ ਹੈ

ਲੱਛਣ :

ਹਾਰਟ ਟੈਕ ਦੀ ਸ਼ੁਰੂਆਤ ਅਕਸਰ ਸੀਨ/ ਛਾਤੀ ਦੇ ਹਲਕੇ/ਭਿਆਨਕ ਦਰਦ ਅਤੇ ਬੇਚੈਨੀ ਨਾਲ ਸ਼ੁਰੂ ਹੁੰਦੀ ਹੈ। ਇਹ ਦਰਦ ਰੋਗੀ ਨੂੰ ਕਿਸੇ ਵੀ ਹਾਲਤ ਭਾਵ ਆਰਾਮ ਜਾਂ ਸਰਗਰਮੀ ਦੋਨੋਂ ਹਾਲਾਤਾਂ ਵਿੱਚ ਹੋ ਸਕਦਾ ਹੈ। ਹਾਰਟ ਅਟੈਕ ਦੇ ਪਹਿਲੇ ਕੁਝ ਲੱਛਣਾਂ ਤੋਂ ਰੋਗ ਦਾ ਅੰਦਾਜਾ ਲਾਇਆ ਜਾ ਸਕਦਾ ਹੈ,ਜਿਵੇਂ ਛਾਤੀ ਚ ਦਬਾਅ,ਭਾਰੀਪਣ ਛਾਤੀ ਵਿਚਕਾਰ ਚੁਬਣ ਵਰਗੀ ਪੀੜਾ ਆਦਿ ਇਹਨਾਂ ਲੱਛਣਾਂ ਨੂੰ ਅਸੀਂ ਹਾਰਟ ਅਟੈਕ ਦੀ ਚੇਤਾਵਨੀ ਵੀ ਕਹਿ ਸਕਦੇ ਹਾਂ ਹੌਲੀ ਹੌਲੀ ਸਥਿਤੀ ਹੋਰ ਵੱਧ ਗੰਭੀਰ ਹੋ ਜਾਂਦੀ ਹੈ ਅਤੇ ਲੱਛਣ ਹੋਰ ਵੱਧ ਹਮਲਾਵਰ ਹੋ ਜਾਂਦੇ ਹਨ ਰੋਗ ਦੀ ਪੂਰੀ ਹਾਲਤ ਚ ਸੀਨੇ/ਛਾਤੀ ਚ ਹੋਣ ਵਾਲਾ ਦਰਦ ਸਰੀਰ ਦੇ ਉੱਪਰਲੇ ਹੋਰ ਭਾਗਾਂ ਜਿਵੇਂ ਇੱਕ ਜਾਂ ਦੋਨੋਂ ਬਾਹਵਾਂ,ਮੋਢਿਆਂ ਚ ਪਿੱਠ,ਗਰਦਨ,ਦੰਦਾਂ ਤੇ ਜਬਾੜਿਆਂ ਵਿੱਚ/ਤੱਕ ਮਹਿਸੂਸ ਹੋ ਸਕਦਾ ਹੈ ਇਸ ਤੋਂ ਇਲਾਵਾ ਸਾਹ ਫੁੱਲਣਾ,ਦਿਲ ਦੀ ਧੜਕਣ ਦਾ ਅਨਿਯਮ ਹੋਣਾ ਜਾਂ ਵਧਣਾ,ਠੰਡੀਆਂ ਤਰੇਲੀਆ ਆਉਣੀਆਂ,ਜੀ ਕੱਚਾ ਹੋਣਾ ਜਾ ਉਲਟੀ ਆਉਣੀ,ਧੱਕਾਵਟਾ ਲੱਛਣ ਵੀ ਹੁੰਦੇ ਹਨ

ਹਾਰਟ ਅਟੈਕ ਚ ਲੱਛਣਾਂ ਦੀ ਤਬਰਤਾ ਰੋਗੀ ਦੀ ਉਮਰ,ਲਿੰਗ,ਰੋਗ ਦੇ ਪੜਾਅ ਤੇ ਨਿਰਭਰ ਕਰਦੀ ਹੈ। ਪਰ ਇੱਥੇ ਇਹ ਗੱਲ ਸਪਸ਼ਟ ਕਰ ਦੇਣੀ ਜਰੂਰੀ ਹੈ ਕਿ ਹਾਰਟ ਅਟੈਕ ਦਾ ਲੱਛਣਾ ਚ ਹਰੇਕ ਰੋਗੀ ਚ ਭਿੰਨਤਾ ਹੋ ਸਕਦੀ ਹੈ ਅਰਥਾਤ ਅਜਿਹਾ ਨਹੀਂ ਕਿ ਸਾਰੇ ਦਿਲ ਦੇ ਦੌਰੇ ਹਾਰਟ ਅਟੈਕ ਅਕਸਰ ਛਾਤੀ ਚ ਦਰਦ ਨਾਲ ਹੀ ਸ਼ੁਰੂ ਹੋਣ ਕਈ ਵਾਰੀ ਹਾਰਟ ਅਟੈਕ ਚ ਕੋਈ ਵੀ ਲੱਛਣ ਨਹੀਂ ਮਿਲਦਾ ਖਾਸ ਕਰਕੇ ਸ਼ੂਗਰ ਰੋਗੀਆਂ ਵਿੱਚ ਇਲਾਜ ਇਸ ਤਰ੍ਹਾਂ ਦੀ ਹਾਲਤ ਵਿਚ ਰੋਗੀ ਨੂੰ ਤੁਰੰਤ ਐਮਰਜੈਂਸੀ ਇਲਾਜ ਲਈ ਭਰਤੀ ਕੀਤਾ ਜਾਂਦਾ ਹੈ। ਈਸੀਜੀ ਅਤੇ ਈਕੋ ਕਾਰਡੀਓਗ੍ਰਾਫੀ ਕਰ ਲਈ ਜਾਂਦੀ ਹੈ ਸਿੰਗਲ ਜਾਂ ਡਬਲ ਵੈਸਲ ਬਲਾਕ ਦਾ ਪਤਾ ਲੱਗ ਜਾਣ ਪਿੱਛੋਂ ਐਨਜੀਓਪਲਾਸਟੀ ਕੀਤੀ ਜਾਂਦੀ ਹੈ,ਜਿਸ ਨਾਲ ਰੁਕੀ ਹੋਈ ਖੂਨ ਦੀ ਸਪਲਾਈ ਮੁੜ ਚਾਲੂ ਹੋ ਜਾਂਦੀ ਹੈ

ਹਾਰਟ ਅਟੈਕ ਤੋਂ ਬਚਣ ਦੇ ਉਪਾਅ ਕਿਹੜੇ ਹਨ ?

ਇਲਾਜ ਨਾਲੋਂ ਪਰਹੇਜ ਅੱਛਾ ਹੈ ਇਸ ਕਥਨ ਅਨੁਸਾਰ

-ਤਮਾਕੂਨੋਸ਼ੀ ਨਾ ਕਰੋ ਕਿਉਂਕਿ ਫੇਫੜਿਆਂ ਦੀ ਰੋਗ ਨਾਲ ਦਿਲ ਦਾ ਰੋਗ ਵਧ ਜਾਂਦਾ ਹੈ
- ਨਿਯਮਤ ਤੌਰ ਤੇ ਸੁਬਹਾ ਸ਼ਾਮ ਦੀ ਸੈਰ ਕਰੋ
-ਸ਼ਰਾਬ ਨਾਲ ਪੀਓ
-ਸੂਗਰ ਦੀ ਬਿਮਾਰੀ ਹੋਵੇ ਤਾਂ ਉਸਦੀ ਜਾਂਚ ਕਰਾ ਕੇ ਇਲਾਜ ਕਰਾਓ -ਹਾਈ ਬਲੱਡ ਪ੍ਰੈਸ਼ਰ ਚ ਨਮਕ ਦੀ ਵਰਤੋਂ ਘੱਟ ਕਰੋ
-ਖੂਨ ਵਿੱਚ ਕਲੈਸਟਰੋਲ ਵੱਧ ਹੋਵੇ ਤਾਂ ਇਸ ਲਈ ਕੋਲੈਸਟਰੋਲ ਫਰੀ ਖੁਰਾਕ ਹੀ ਖਾਓ
-ਭੋਜਨ ਪਿੱਛੋਂ ਤ੍ਰਿਫਲਾ ਚੂਰਨ ਖਾਣ ਨਾਲ ਵਸਾ ਤੇ ਤੇਲ ਘੱਟ ਜ਼ਜਬ ਹੁੰਦਾ ਹੈ ਅਤੇ ਵਸਾ ਦੀ ਮਾਤਰਾ ਕੰਟਰੋਲ ਕੀਤੀ ਜਾ ਸਕਦੀ ਹੈ
-ਖਾਣਾ ਫਾਲਤੂ ਨਾ ਖਾਓ
-ਖਾਣਾ ਖਾ ਕੇ ਤੁਰੰਤ ਲੇਟੋ ਨਾ ਜਾਂ ਸੌਂ ਨਾ ਜਾਓ ਨਹੀਂ ਤਾਂ ਇਸ ਨਾਲ ਦਿਲ ਤੇ ਦਬਾਅ ਪੈਂਦਾ ਹੈ ਤੇ ਉਸਦੀ ਕਾਰਜ ਸਮਰੱਥਾ ਪ੍ਰਭਾਵਿਤ ਹੁੰਦੀ ਹੈ -ਵੱਧ ਫੈਟੀ ਤੇ ਤੇਲ ਭਰਪੂਰ ਖਾਣਾ ਨਾ ਵਰਤੋ
-ਮੋਟਾਪੇ ਅਤੇ ਕਬਜ ਤੋਂ ਬਚਾਣਾ ਚਾਹੀਦਾ ਹੈ

* ਸਾਬਕਾ ਡਿਪਟੀ ਮੈਡੀਕਲ ਕਮਿਸ਼ਨਰ
98156 293 101

# ਕੱਚੇ ਘਰਾਂ ਦੀ ਕਹਾਣੀ



ਅੱਜ ਅੱਤ ਦੀ ਪੈ ਰਹੀ ਸਰਦੀ ਵਿੱਚ ਬੈਠੇ ਬੈਠੇ ਧਿਆਨ 35-40 ਕੁ ਸਾਲ ਪਿਛੇ ਚਲਿਆ ਗਿਆ,, ਅੱਖਾਂ ਸਾਹਮਣੇ ਉਹ ਦ੍ਰਿਸ਼ ਘੁੰਮਣ ਲੱਗੇ ਜਦੋਂ ਮਿੱਟੀ ਦੇ ਬਣੇ ਡਲਿਆਂ ਦੇ ਘਰਾਂ ਵਿੱਚ ਰਹਿੰਦੇ ਹੁੰਦੇ ਸੀ ਤੇ ਦੀਵੇ ਦੀ ਲੋਅ ਵਿੱਚ ਬੈਠ ਕੇ ਪੜਦੇ ਸਾਂ। ਜਦੋਂ ਪਿੰਡ ਵਿੱਚ ਛੱਪੜ ਦਾ ਪਾਣੀ ਸੁੱਕ ਜਾਣਾ ਤਾਂ ਛੱਪੜ ਵਿੱਚ ਤਰੇੜਾਂ ਪਾਟ ਜਾਂਦੀਆਂ ਬਜ਼ੁਰਗਾਂ ਨੇ ਕਹੀ ਤੇ ਸੱਬਲ ਲੈ ਕੇ ਛੱਪੜ ਚੋਂ ਸਖ਼ਤ ਤੇ ਸੁੱਕ ਚੁੱਕੀ ਮਿੱਟੀ ਦੇ ਡਲੇ ਕੱਢਣੇ ਤੇ ਸਾਰੇ ਟੱਬਰ ਨੇ ਉਹ ਡਲਿਆਂ ਦਾ ਢੇਰ ਇੱਕ ਪਾਸੇ ਇੱਕਠਾ ਕਰ ਲੈਣਾ। ਕੁੱਝ ਦਿਨ ਸੁੱਕਣ ਤੋਂ ਬਾਅਦ ਉਹਨਾਂ ਡਲਿਆਂ ਨੂੰ ਗਾਰੇ (ਗਿੱਲੀ ਮਿੱਟੀ) ਨਾਲ ਚਿਣ ਕੇ ਘਰਾਂ ਦੀ ਉਸਾਰੀ ਕਰਨੀ। ਕੁੱਝ ਦਿਨਾਂ ਦੇ ਬਾਅਦ ਸੁੱਕਣ ਤੋਂ ਬਾਅਦ ਫਿਰ ਉਸਾਰੀ ਦਾ ਕੰਮ ਸ਼ੁਰੂ ਕਰ ਦੇਣਾ,ਇਸ ਤਰ੍ਹਾਂ ਹੌਲੀ ਹੌਲੀ ਕੰਧਾਂ ਦੀ ਉਸਾਰੀ ਹੁੰਦੀ ਤੇ ਕੰਧ ਦੇ ਸੁੱਕ ਚੁੱਕੇ ਹਿੱਸੇ ਨੂੰ ਪੁਰਾਣੀ ਤੂੜੀ ਮਿਕਸ ਕਰਕੇ ਲਿੱਪਦੇ ਜਾਣਾ,,ਹੌਲੀ ਹੌਲੀ ਡਲਿਆਂ ਤੇ ਗਾਰੇ ਦੀਆਂ ਕੰਧਾਂ ਜਦੋਂ ਤਿਆਰ ਹੋ ਜਾਣੀਆਂ ਤਾਂ ਸ਼ਤੀਰੀਆਂ ਤੇ ਕਾਨਿਆਂ ਦੀ ਵਰਤੋਂ ਕਰਕੇ ਉਪਰ ਬਰੀਕ ਮਿੱਟੀ ਪਾ ਕੇ ਗਾਰੇ ਦੀ ਘਾਣੀ ਨਾਲ ਲਿੱਪ ਦੇਣਾ ਇਸ ਤਰ੍ਹਾਂ ਤਿਆਰ ਹੁੰਦਾ ਕੱਚਾ ਕੋਠਾ ਜਾਂ ਘਰ।

ਇਹ ਘਰ ਸਾਡੀ ਸਰੀਰਕ ਤੇ ਮਾਨਸਿਕ ਖੁਸ਼ਹਾਲੀ ਦਾ ਪ੍ਰਤੀਕ ਸਨ,,ਜਿਸ ਵਿੱਚ ਹਰ ਮੌਸਮ ਵਿੱਚ ਰਹਿਣ ਦਾ ਵੱਖਰਾ ਹੀ ਆਨੰਦ ਹੁੰਦਾ ਸੀ,,,,,, ਇਹਨਾਂ ਕੱਚੇ ਘਰਾਂ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਹੁੰਦੀ ਸੀ ਕਿ ਇਹ ਗਰਮੀਆਂ ਵਿੱਚ ਠੰਡੇ ਤੇ ਸਰਦੀਆਂ ਵਿੱਚ ਗਰਮ ਹੁੰਦੇ ਸਨ। ਮਿੱਟੀ ਦੇ ਬਣੇ ਇਹਨਾਂ ਘਰਾਂ ਨਾਲ ਜੋ ਮੋਹ, ਪਿਆਰ ਤੇ ਪਰਿਵਾਰਕ ਜੀਵਨ ਵਿਚ ਖੁਸ਼ਹਾਲੀ ਸੀ ਉਹ ਸ਼ਾਇਦ ਅੱਜ ਦੇ ਪੱਥਰ ਕੰਕਰੀਟ ਦੇ ਬਣੇ ਘਰਾਂ ਵਿੱਚ ਨਹੀਂ। ਕੱਚੇ ਘਰਾਂ ਵਿੱਚ ਪਰਿਵਾਰ ਦੀ ਗਿਣਤੀ ਘਰ ਦੇ ਮਰਦ ਤੇ ਔਰਤਾਂ ਤੱਕ ਹੀ ਸੀਮਤ ਨਹੀਂ ਸੀ,, ਇਹਨਾਂ ਘਰਾਂ ਵਿੱਚ,, ਚਿੜੀਆਂ,ਚੂਹੇ, ਬਿੱਲੀਆਂ, ਕੁੱਤੇ ਆਦਿ ਵੀ ਪਰਿਵਾਰ ਨਾਲ ਵਸਦੇ ਸਨ। ਪਰ ਅੱਜ ਜਦੋਂ ਪੱਕੇ (ਇੱਟਾਂ, ਸੀਮਿੰਟ) ਦੇ ਘਰਾਂ ਵਿੱਚ ਰਹਿ ਕੇ ਕੱਚੇ ਘਰਾਂ ਨਾਲ ਤੁਲਨਾ ਕਰਦਾ ਹਾਂ ਤਾਂ ਦੇਖਦਾ ਹਾਂ ਕਿ ਪੱਕੇ ਘਰਾਂ ਨੂੰ ਗਰਮੀ ਵਿੱਚ ਏ. ਸੀ.ਨਾਲ ਠੰਡਾ ਤੇ ਸਰਦੀ ਵਿੱਚ ਹੀਟਰ ਜਾਂ ਬਲੋਅਰ ਨਾਲ ਗਰਮ ਕਰਨਾ ਪੈਂਦਾ ਹੈ। ਦਿਨੋਂ ਦਿਨ ਹੋ ਰਹੀ ਸਾਇੰਸ ਦੀ ਤਰੱਕੀ ਨੇ ਸਾਨੂੰ ਕੁਦਰਤ ਤੋਂ ਦੂਰ ਕਰ ਦਿੱਤਾ ਹੈ। ਸੋਚਦਾ ਹਾਂ ਕਿ ਜ਼ਿੰਦਗੀ ਦੇ ਇਹਨਾਂ ਪੈਂਤੀ ਚਾਲੀ ਸਾਲਾਂ ਦੇ ਸਫ਼ਰ ਵਿੱਚ ਕੀ ਖੋਇਆ ਤੇ ਕੀ ਪਾਇਆ ਹੈ। ਕੀ ਮੈਂ ਪੱਥਰਾਂ ਦੇ ਘਰ ਵਿੱਚ ਰਹਿ ਕੇ ਖੁਦ ਵੀ ਪੱਥਰ ਤਾਂ ਨਹੀਂ ਬਣ ਗਿਆ?????

ਸੁਖਵਿੰਦਰ
9592701096






# 26 ਜਨਵਰੀ ਨੂੰ ਮਨਾਏ ਜਾ ਰਹੇ ਗਣਤੰਤਰ ਦਿਵਸ ਸਮਾਰੋਹ ਦੀ ਹੋਈ ਫੁਲ ਡਰੈੱਸ ਰਿਹਰਸਲ

## ਸਥਾਨਕ ਸਰਕਾਰਾਂ ਵਿਭਾਗ ਦੇ ਮੰਤਰੀ ਬਲਕਾਰ ਸਿੰਘ ਲਹਿਰਾਉਣਗੇ ਕੌਮੀ ਝੰਡਾ

ਮੋਗਾ, 24 ਜਨਵਰੀ (ਗਿਆਨ ਸਿੰਘ): ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀ ਅਹਿਮੀਅਤ ਦੇ ਮੱਦੇਨਜ਼ਰ ਇਸ ਨੂੰ ਪੂਰੀ ਮਰਿਆਦਾ ਅਤੇ ਰਾਸ਼ਟਰੀ ਭਾਵਨਾ ਨਾਲ ਮਨਾਇਆ ਜਾਵੇਗਾ।

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਨੇ ਸਥਾਨਕ ਦਾਣਾ ਮੰਡੀ ਮੋਗਾ ਵਿਖੇ ਕੀਤਾ। ਦਾਣਾ ਮੰਡੀ ਮੋਗਾ ਵਿਖੇ ਹੋਈ ਗਣਤੰਤਰ ਦਿਵਸ ਸਮਾਰੋਹ ਦੀ ਫੁੱਲ ਡਰੈੱਸ ਰਿਹੱਸਲ ਵਿੱਚ ਉਨ੍ਹਾਂ ਅੱਜ ਸ਼ਿਰਕਤ ਕੀਤੀ। ਇਸ ਸਮੇਂ ਉਨ੍ਹਾਂ ਨਾਲ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ, ਜ਼ਿਲ੍ਹਾ ਪੁਲਿਸ ਮੁਖੀ ਮੋਗਾ ਸ਼੍ਰੀ ਵਿਵੇਕ ਸ਼ੀਲ ਸੋਨੀ, ਐਸ.ਡੀ.ਐਮ. ਚਾਰੂ ਮਿਤਾ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਇਸ ਸਮੇਂ ਪੰਜਾਬ ਪੁਲਿਸ ਦੀਆਂ ਅਤੇ ਹੋਰਨਾਂ ਟੁਕੜੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕੱਢਿਆ। ਸਕੂਲੀ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਗਿੱਧਾ ਅਤੇ ਭੰਗੜੇ ਨਾਲ ਸਬੰਧਤ ਆਈਟਮਾਂ ਵੀ ਪੇਸ਼ ਕੀਤੀਆਂ ਗਈਆਂ। ਕੁਲਵੰਤ ਸਿੰਘ ਨੇ ਦੱਸਿਆ ਕਿ ਗਣਤੰਤਰ ਦਿਵਸ ਸਮਾਰੋਹ ਵਿੱਚ ਪੰਜਾਬ ਦੇ ਸਥਾਨਕ ਸਰਕਾਰਾਂ ਵਿਭਾਗ ਦੇ ਮੰਤਰੀ ਬਲਕਾਰ ਸਿੰਘ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ ਅਤੇ ਮਾਰਚ ਪਾਸਟ ਤੋਂ ਸਲਾਮੀ ਲੈਣਗੇ।

ਡਿਪਟੀ ਕਮਿਸ਼ਨਰ ਵੱਲੋਂ ਫੁੱਲ ਡਰੈੱਸ ਰਿਹਰਸਲ ਦਾ ਨਿਰੀਖਣ ਕਰਨ ਤੋਂ ਬਾਅਦ ਸਬੰਧਤ ਵਿਭਾਗਾਂ ਦੀ ਇੱਕ ਮੀਟਿੰਗ ਬੁਲਾਈ ਅਤੇ ਰਿਹਰਸਲ ਵਿੱਚ ਨੋਟ ਕੀਤੀਆਂ ਛੋਟੀਆਂ ਮੋਟੀਆਂ ਗਲਤੀਆਂ ਨੂੰ ਤੁਰੰਤ ਪ੍ਰਭਾਵ ਨਾਲ ਦੂਰ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਇਸ ਵਾਰ ਵੱਖ ਵੱਖ ਵਿਭਾਗਾਂ ਵੱਲੋਂ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਦਰਸਾਉਂਦੀਆਂ ਝਾਕੀਆਂ ਨੂੰ ਵੀ ਪੇਸ਼ ਕੀਤਾ ਜਾਵੇਗਾ। ਪੂਰੇ ਜੋਸ਼ ਤੇ ਉਤਸ਼ਾਹ ਨਾਲ ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਿਆ ਜਾਵੇਗਾ। ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਤੇ ਟਰਾਈ ਸਾਈਕਲਾਂ ਦੀ ਵੰਡ ਤੋਂ ਇਲਾਵਾ ਇਨਾਮ ਵੰਡ ਸਮਾਰੋਹ ਵੀ ਆਯੋਜਿਤ ਕੀਤਾ ਜਾਵੇਗਾ।

# ਨੇਤਾ ਜੀ ਸੁਭਾਸ਼ ਚੰਦਰ ਬੋਸ ਜੀ ਦਾ 127 ਵਾਂ ਜਨਮਦਿਨ ਮਨਾਇਆ

ਮੋਗਾ, 24 ਜਨਵਰੀ (ਗਿਆਨ ਸਿੰਘ): ਬੀਤੇ ਦਿਨ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ 127 ਵਾ ਜਨਮ ਦਿਨ ਮੋਗਾ ਦੇ ਜਿਲ੍ਹਾ ਪਰਬੰਧਕੀ ਕੰਪਲੈਕਸ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਵਿਧਾਇਕ ਬੀਬੀ ਅਮਨਦੀਪ ਕੌਰ ਅਰੋੜਾ ਨੇ ਨੇਤਾ ਜੀ ਦੀ ਪਰਤੀਮਾ ਤੇ ਫੁੱਲਾਂ ਦੀ ਮਾਲਾ ਅਰਪਿਤ ਕੀਤੀ ਅਤੇ ਉਨ੍ਹਾਂ ਆਖਿਆ ਕਿ ਦੇਸ਼ ਦੀ ਅਜਾਦੀ ਵਿਚ ਨੇਤਾ ਜੀ ਸੁਭਾਸ਼ ਚੰਦਰ ਬੋਸ ਜੀ ਦਾ ਅਹਿਮ ਯੋਗਦਾਨ ਰਿਹਾ। ਉਹਨਾਂ ਨਾਹਰਾ ਦਿੱਤਾ ਸੀ, 'ਤੁਮ ਮੁਝੇ ਖੂਨ ਦੋ ਮੈਂ ਤੁਮ੍ਹੇਂ ਅਜਾਦੀ ਦੂੰਗਾ ' ਦੇ ਨਾਅਰੇ ਹੇਠ ਅਜਾਦੀ ਘੁਲਾਟੀਆਂ ਨੂੰ ਇਕੱਤਰ ਕਰਕੇ ਅਜਾਦ ਹਿੰਦ ਫੌਜ ਦੀ ਸਿਰਜਨਾ ਕੀਤੀ। ਦੇਸ਼ ਨੂੰ ਗੁਲਾਮੀ ਦਿਆਂ ਜੰਜੀਰਾਂ ਤੋਂ ਅਜਾਦ ਕਰਵ-ਾਇਆ, ਉਨ੍ਹਾਂ ਆਖਿਆ ਸੀ ਕਿ ਸਾਨੂੰ ਹਮੇਸ਼ ਅਜਾਦੀ ਦੇ ਪਰਵਾਨਿਆਂ ਨੂੰ ਯਾਦ



ਰਖਣਾ ਚਾਹੀਦਾ ਹੈ. ਇਸ ਮੌਕੇ ਮੋਗਾ ਮਾਰਕੀਟ ਕਮੇਟੀ ਦੇ ਚੇਅਰਮੈਨ ਹਰ-ਜੰਦਰ ਸਿੰਘ ਰੋਡੇ, ਮੋਗਾ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਪਰਵੀਨ ਮੱਕੜ,

ਅਖਿਲ ਭਾਰਤੀ ਸਵਤੰਤਰਤਾ ਸੈਨਾਨੀ ਅਤੇ ਉਤਰਾਧਿਕਾਰੀ ਸੰਯੁਕਤ ਸੰਗਠਨ ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਸੰਘਾ, ਸਾਬਕਾ ਸਿਹਤ ਮੰਤਰੀ ਡਾਕਟਰ ਮਾਲਤੀ ਥਾਪਰ, ਡਾਕਟਰ ਪਵਨ ਥਾਪਰ, ਕੁਲਦੀਪ ਸਿੰਘ ਮੁਕਤਸਰ, ਰਾਮ ਸਵਰਨ ਲੱਖੇਵਾਲੀ, ਰੂਪ ਸਿੰਘ ਬਰਗਾੜੀ, ਸਾਬਕਾ ਥਾਣੇਦਾਰ ਸੁਖਦੇਵ ਸਿੰਘ , ਦਲਜੀਤ ਸਿੰਘ ਕੁੱਸਾ ਅਤੇ ਕੁਲਦੀਪ ਸਿੰਘ ਫਿਰੋਜਪੁਰ ਆਪਣੇ ਸਾਥੀਆਂ ਸਮੇਤ ਹਾਜਰ ਸਨ . ਸਭ ਨੇ ਆਪਣੀ ਸ਼ਰਧਾ ਦੇ ਫੁੱਲ ਅਰਪਨ ਕੀਤੇ। ਨੇਤਾ ਜੀ ਸੁਭਾਸ਼ ਚੰਦਰ ਬੋਸ ਦੇ ਬੁੱਤ ਲਾਗੇ ਲੱਗੇ ਉਹਨਾਂ ਦੇ ਸਾਥੀ ਆਜ਼ਾਦ ਹਿੰਦ ਫੌਜ ਦੇ ਜਰਨੈਲ ਮੋਹਨ ਸਿੰਘ ਦੇ ਬੁੱਤ ਤੇ ਫੁੱਲ ਚੜ੍ਹਾਏ ਗਏ।



